सत्यमेव जयते

ਪੰਜਾਬ ਦੇ ਰਾਜਪਾਲ

# ਸ਼੍ਰੀ ਗੁਲਾਬ ਚੰਦ ਕਟਾਰੀਆ

ਵੱਲੋਂ

**ਵਿਧਾਨ ਸਭਾ**

ਵਿੱਚ

**ਮਿਤੀ 21 ਮਾਰਚ, 2025 ਦਿਨ ਸ਼ੁੱਕਰਵਾਰ**

ਨੂੰ ਦਿੱਤਾ ਗਿਆ

# ਭਾਸ਼ਣ

**ਮਾਣਯੋਗ ਸਪੀਕਰ ਸਾਹਿਬ ਅਤੇ ਸਤਿਕਾਰਯੋਗ ਮੈਂਬਰ ਸਾਹਿਬਾਨ,**

1. ਮੈਨੂੰ 16ਵੀਂ ਪੰਜਾਬ ਵਿਧਾਨ ਸਭਾ ਦੇ 8ਵੇਂ ਸੈਸ਼ਨ ਵਿੱਚ, ਇਸ ਅਜ਼ੀਮ ਸਦਨ ਦੇ ਮਾਣਯੋਗ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ। ਮੈਨੂੰ ਮੌਜੂਦਾ ਬਜਟ ਸੈਸ਼ਨ ਨੂੰ ਸੰਬੋਧਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ ਅਤੇ ਮੈਂ ਇਸ ਮੌਕੇ 'ਤੇ ਤੁਹਾਨੂੰ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੰਦਾ ਹਾਂ। ਵਿਧਾਨ ਸਭਾ ਦਾ ਸਾਲਾਨਾ ਬਜਟ ਸੈਸ਼ਨ ਬਹੁਤ ਮਹੱਤਵਪੂਰਨ ਹੁੰਦਾ ਹੈ। ਇਹ ਸਿਰਫ਼ ਪ੍ਰਾਪਤੀਆਂ ਅਤੇ ਖਰਚਿਆਂ ਦਾ ਲੇਖਾ-ਜੋਖਾ ਨਹੀਂ ਹੁੰਦਾ ਬਲਕਿ ਇਹ ਨਾਗਰਿਕਾਂ ਦੀ ਭਲਾਈ ਲਈ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਵੀ ਦਰਸਾਉਂਦਾ ਹੈ। ਇਸ ਲਈ, ਮੈਨੂੰ ਉਮੀਦ ਹੈ ਕਿ ਇਸ ਸੈਸ਼ਨ ਵਿੱਚ ਹੋਏ ਵਿਚਾਰ-ਵਟਾਂਦਰੇ ਦੇ ਨਤੀਜੇ ਵਜੋਂ ਪੰਜਾਬ ਦੇ ਲੋਕਾਂ ਦੀ ਤਰੱਕੀ ਅਤੇ ਖੁਸ਼ਹਾਲੀ ਸਿਖਰ ਤੇ ਪਹੁੰਚੇਗੀ।

2. ਮੇਰੀ ਸਰਕਾਰ ਨੇ ਸਿਹਤ ਅਤੇ ਸਿੱਖਿਆ ਦੇ ਮਹੱਤਵਪੂਰਨ ਖੇਤਰਾਂ ਵਿੱਚ ਕਈ ਅਹਿਮ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਰਾਜ ਵਿੱਚ 881 'ਆਮ ਆਦਮੀ ਕਲੀਨਿਕ' ਚਲਾਏ ਜਾ ਰਹੇ ਹਨ। ਇਨ੍ਹਾਂ ਕਲੀਨਿਕਾਂ ਵਿੱਚ ਕੁੱਲ 2.98 ਕਰੋੜ ਮਰੀਜ਼ਾਂ ਨੇ ਸਿਹਤ ਸੰਭਾਲ ਸੇਵਾਵਾਂ ਪ੍ਰਾਪਤ ਕੀਤੀਆਂ ਹਨ ਅਤੇ ਹੁਣ ਤੱਕ 90 ਲੱਖ ਤੋਂ ਵੱਧ ਡਾਇਗਨੌਸਟਿਕ ਲੈਬ ਟੈਸਟ ਕੀਤੇ ਜਾ ਚੁੱਕੇ ਹਨ। ਇਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਮੌਜੂਦਾ ਬਾਜ਼ਾਰ ਦਰਾਂ 'ਤੇ 600 ਕਰੋੜ ਰੁਪਏ ਮੁੱਲ ਦੀਆਂ ਦਵਾਈਆਂ ਅਤੇ 100 ਕਰੋੜ ਰੁਪਏ ਮੁੱਲ ਦੇ ਡਾਇਗਨੌਸਟਿਕ ਟੈਸਟ ਉਪਲਬਧ ਕਰਵਾਏ ਗਏ ਹਨ। ਇਨ੍ਹਾਂ ਕਲੀਨਿਕਾਂ ਨੇ ਰਾਜ ਦੇ ਲੋਕਾਂ ਦੀ ਸਿਹਤ ਸੰਭਾਲ 'ਤੇ ਹੋਣ ਵਾਲੇ ਖਰਚ ਦੀ ਵੱਡੀ ਰਕਮ 1296 ਕਰੋੜ ਰੁਪਏ ਤੱਕ ਘਟਾਉਣ ਵਿੱਚ ਯੋਗਦਾਨ ਪਾਇਆ ਹੈ।

3. ਮੇਰੀ ਸਰਕਾਰ ਸਰਕਾਰੀ ਹਸਪਤਾਲਾਂ ਵਿੱਚ ਸਾਰੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਅਗਲੇ ਵਿੱਤੀ ਸਾਲ 2025-26 ਵਿੱਚ ਦਵਾਈਆਂ ਅਤੇ ਖਪਤਕਾਰੀ ਵਸਤੂਆਂ ਦੀ ਖਰੀਦ 'ਤੇ 200.00 ਕਰੋੜ ਰੁਪਏ ਖਰਚ ਹੋਣ ਦਾ ਅੰਦਾਜ਼ਾ ਹੈ। ਮੇਰੀ ਸਰਕਾਰ ਸਾਰੇ ਜ਼ਿਲ੍ਹਾ, ਸਬ-ਡਿਵੀਜ਼ਨਲ ਹਸਪਤਾਲਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਐਕਸ-ਰੇ ਅਤੇ ਅਲਟਰਾਸਾਊਂਡ ਸਹੂਲਤ ਵਾਜਬ ਦਰਾਂ 'ਤੇ ਪ੍ਰਦਾਨ ਕਰਨ ਲਈ ਵੀ ਵਚਨਬੱਧ ਹੈ। ਮਰੀਜ਼ਾਂ ਨੂੰ ਇਹ ਸੇਵਾਵਾਂ ਵਾਜਬ ਕੀਮਤਾਂ 'ਤੇ ਪ੍ਰਦਾਨ ਕਰਨ ਲਈ 554 ਨਿੱਜੀ ਐਕਸ-ਰੇ ਅਤੇ ਅਲਟਰਾਸਾਊਂਡ ਕੇਂਦਰਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ। ਇਸ ‘ਤੇ ਹੋਣ ਵਾਲਾ ਵਾਧੂ ਖਰਚਾ ਰਾਜ ਸਰਕਾਰ ਵੱਲੋਂ ਚੁੱਕਿਆ ਜਾ ਰਿਹਾ ਹੈ। ਅਗਲੇ 12 ਮਹੀਨਿਆਂ ਵਿੱਚ ਇਨ੍ਹਾਂ ਸੇਵਾਵਾਂ ਸਦਕਾ ਪੰਜਾਬ ਦੇ ਮਰੀਜ਼ਾਂ ਨੂੰ ਲਗਭਗ 53 ਕਰੋੜ ਰੁਪਏ ਦਾ ਫਾਇਦਾ ਹੋਵੇਗਾ।

4. ਮੇਰੀ ਸਰਕਾਰ ਸਰਕਾਰੀ ਹਸਪਤਾਲਾਂ ਦੇ ਇਮਾਰਤੀ ਢਾਂਚੇ ਦੇ ਸੁਧਾਰ ਲਈ ਵਚਨਬੱਧ ਹੈ। ਅਗਲੇ ਤਿੰਨ ਸਾਲਾਂ ਦੌਰਾਨ ਸਾਰੇ ਜ਼ਿਲ੍ਹਾ ਹਸਪਤਾਲਾਂ ਦੀਆਂ ਇਮਾਰਤਾਂ ਦੇ ਸੁਧਾਰ ਲਈ ਵਿਆਪਕ ਯੋਜਨਾ ਬਣਾਈ ਗਈ ਹੈ। ਸਾਲ 2024-25 ਦੌਰਾਨ 16 ਸਰਕਾਰੀ ਹਸਪਤਾਲਾਂ ਵਿੱਚ ਨਿਰਮਾਣ ਕਾਰਜਾਂ ਅਤੇ ਅੱਗ ਬੁਝਾਊ ਪ੍ਰਣਾਲੀਆਂ ਦੀ ਸਥਾਪਨਾ 'ਤੇ 150.43 ਕਰੋੜ ਰੁਪਏ ਖਰਚ ਕੀਤੇ ਗਏ ਹਨ।

5. ਜ਼ਿਲ੍ਹਾ ਹਸਪਤਾਲ, ਬਰਨਾਲਾ ਵਿਖੇ ਐੱਮ.ਸੀ.ਐੱਚ. ਵਿੰਗ ਦੀ ਉਸਾਰੀ ਪੂਰੀ ਹੋ ਗਈ ਹੈ। ਜ਼ਿਲ੍ਹਾ ਹਸਪਤਾਲ ਫਰੀਦਕੋਟ, ਜ਼ਿਲ੍ਹਾ ਹਸਪਤਾਲ ਗੁਰਦਾਸਪੁਰ, ਜ਼ਿਲ੍ਹਾ ਹਸਪਤਾਲ ਸ੍ਰੀ ਮੁਕਤਸਰ ਸਾਹਿਬ, ਜ਼ਿਲ੍ਹਾ ਹਸਪਤਾਲ ਲੁਧਿਆਣਾ, ਐੱਸ.ਡੀ.ਐੱਚ. ਤਲਵੰਡੀ ਸਾਬੋ ਅਤੇ ਐੱਸ.ਡੀ.ਐੱਚ. ਪੱਟੀ ਵਿਖੇ ਐੱਮ.ਸੀ.ਐੱਚ. ਵਿੰਗ ਦੀ ਉਸਾਰੀ 54.60 ਕਰੋੜ ਰੁਪਏ ਦੀ

ਲਾਗਤ ਨਾਲ ਜਲਦੀ ਹੀ ਪੂਰੀ ਹੋਣ ਦੀ ਉਮੀਦ ਹੈ। ਜ਼ਿਲ੍ਹਾ ਸੰਗਰੂਰ ਵਿਖੇ 44.41 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ, 30 ਬਿਸਤਰਿਆਂ ਵਾਲੇ ਨਵੇਂ ਸੀ.ਐੱਚ.ਸੀ. ਕੌਹਰੀਆਂ, 30 ਬਿਸਤਰਿਆਂ ਵਾਲੇ ਪੇਂਡੂ ਹਸਪਤਾਲ ਚੀਮਾ ਅਤੇ ਐੱਸ.ਡੀ.ਐੱਚ ਧੂਰੀ ਵਿਖੇ 80 ਬਿਸਤਰਿਆਂ ਵਾਲੇ ਐੱਮ.ਸੀ.ਐੱਚ. ਵਿੰਗ ਦੀ ਉਸਾਰੀ ਵੀ ਪੂਰੀ ਹੋਣ ਦੀ ਉਮੀਦ ਹੈ। ਸਿਵਲ ਹਸਪਤਾਲ ਬਠਿੰਡਾ ਅਤੇ ਐੱਸ.ਬੀ.ਐੱਸ. ਨਗਰ ਵਿਖੇ 50 ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਬਲਾਕਾਂ ਦੀ ਉਸਾਰੀ ਵੀ 41.15 ਕਰੋੜ ਰੁਪਏ ਦੀ ਲਾਗਤ ਨਾਲ ਇਸ ਸਾਲ ਪੂਰੀ ਹੋਣ ਦੀ ਉਮੀਦ ਹੈ।

6. 'ਪੰਜਾਬ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਰਬੱਤ ਸਿਹਤ ਬੀਮਾ ਯੋਜਨਾ' ਅਤੇ 'ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ' 19 ਅਗਸਤ, 2019 ਨੂੰ ਸ਼ੁਰੂ ਕੀਤੀ ਗਈ ਸੀ। ਇਹ ਯੋਜਨਾ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਯੋਗ ਲਾਭਪਾਤਰੀ ਪਰਿਵਾਰਾਂ ਨੂੰ ਪ੍ਰਤੀ ਪਰਿਵਾਰ 5.00 ਲੱਖ ਰੁਪਏ ਦਾ ਕੈਸ਼ ਲੈੱਸ ਸਿਹਤ ਬੀਮਾ ਸੁਰੱਖਿਆ ਪ੍ਰਦਾਨ ਕਰਦੀ ਹੈ ਤਾਂ ਜੋ ਹਰੇਕ ਨਾਗਰਿਕ ਆਪਣੀ ਆਰਥਿਕ ਸਥਿਤੀ ਦੀ ਪਰਵਾਹ ਕੀਤੇ ਬਿਨਾਂ ਮਿਆਰੀ ਸਿਹਤ ਸੇਵਾਵਾਂ ਪ੍ਰਾਪਤ ਕਰ ਸਕੇ। ਹੁਣ ਤੱਕ ਇਸ ਯੋਜਨਾ ਦੇ ਤਹਿਤ 88,41,358 ਈ-ਕਾਰਡ ਕਿਰਿਆਸ਼ੀਲ ਕੀਤੇ ਜਾ ਚੁੱਕੇ ਹਨ। ਇਸ ਯੋਜਨਾ ਤਹਿਤ ਹੁਣ ਤੱਕ 2609.90 ਕਰੋੜ ਰੁਪਏ ਦੀ ਅਦਾਇਗੀ ਨਾਲ 25,31,540 ਮਰੀਜ਼ਾਂ ਦਾ ਇਲਾਜ ਕੀਤਾ ਜਾ ਚੁੱਕਾ ਹੈ।

7. ਸੜਕ ਹਾਦਸਿਆਂ ਦੌਰਾਨ ਲੱਗਣ ਵਾਲੀਆਂ ਸੱਟਾਂ ਕਾਰਨ ਮੌਤ ਦਰ ਅਤੇ ਰੋਗ ਦਰ ਨੂੰ ਘਟਾਉਣ ਲਈ, ਮੇਰੀ ਸਰਕਾਰ ਨੇ ਦੁਰਘਟਨਾ ਦੇ ਸ਼ਿਕਾਰ ਲੋਕਾਂ ਦੇ ਜੀਵਨ ਅਤੇ ਅੰਗਾਂ ਨੂੰ ਬਚਾਉਣ ਲਈ 25.01.2024 ਨੂੰ 'ਫਰਿਸ਼ਤੇ ਯੋਜਨਾ' ਸ਼ੁਰੂ ਕੀਤੀ। ਹੁਣ ਤੱਕ ਇਸ

ਯੋਜਨਾ ਅਧੀਨ 487 (178 ਸਰਕਾਰੀ ਅਤੇ 309 ਨਿੱਜੀ) ਹਸਪਤਾਲਾਂ ਨੂੰ ਸੂਚੀਬੱਧ ਕੀਤਾ ਜਾ ਚੁੱਕਾ ਹੈ। ਇਸ ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਫਰਵਰੀ, 2025 ਤੱਕ ਕੁੱਲ 404 ਲਾਭਪਾਤਰੀਆਂ ਨੂੰ ਪੋਰਟਲ 'ਤੇ ਰਜਿਸਟਰ ਕੀਤਾ ਗਿਆ ਹੈ ਅਤੇ ਉਨ੍ਹਾਂ ਨੇ ਇਸ ਯੋਜਨਾ ਦੇ ਤਹਿਤ ਸੂਚੀਬੱਧ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਹੈ, ਜਿਸ ਦੀ ਪੂਰਵ-ਪ੍ਰਵਾਨਤ ਰਕਮ 42.55 ਲੱਖ ਰੁਪਏ ਹੈ।

8. ਇਸ ਵੇਲੇ ਸਾਡੇ ਕੋਲ ਰਾਜ ਵਿੱਚ ਕੁੱਲ 1700 ਐੱਮ.ਬੀ.ਬੀ.ਐੱਸ. ਸੀਟਾਂ ਵਾਲੇ 12 ਸਰਕਾਰੀ ਅਤੇ ਨਿੱਜੀ ਮੈਡੀਕਲ ਕਾਲਜ ਹਨ। ਮੇਰੀ ਸਰਕਾਰ ਕੇਂਦਰੀ ਸਪਾਂਸਰਡ ਸਕੀਮਾਂ ਅਧੀਨ ਹੁਸ਼ਿਆਰਪੁਰ, ਕਪੂਰਥਲਾ ਅਤੇ ਮਲੇਰਕੋਟਲਾ ਵਿਖੇ 3 ਨਵੇਂ ਮੈਡੀਕਲ ਕਾਲਜ ਅਤੇ ਰਾਜ ਦੇ ਫੰਡਾਂ ਨਾਲ ਸੰਗਰੂਰ ਅਤੇ ਐੱਸ.ਬੀ.ਐੱਸ ਨਗਰ ਵਿਖੇ 2 ਨਵੇਂ ਮੈਡੀਕਲ ਕਾਲਜ ਸਥਾਪਤ ਕਰਨ ਦੀ ਪ੍ਰਕਿਰਿਆ ਵਿੱਚ ਹੈ।

9. ਮੇਰੀ ਸਰਕਾਰ ਨੇ ਨਿਯਮਤ ਯੋਗ ਅਭਿਆਸਾਂ ਨੂੰ ਉਤਸ਼ਾਹਿਤ ਕਰਨ, ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਵਧਾਉਣ, ਤਣਾਅ ਘਟਾਉਣ ਅਤੇ ਆਪਣੇ ਨਾਗਰਿਕਾਂ ਦੀ ਸੰਪੂਰਨ ਤੰਦਰੁਸਤੀ ਵਾਸਤੇ "ਮੁੱਖ ਮੰਤਰੀ ਦੀ ਯੋਗਸ਼ਾਲਾ" ਪ੍ਰੋਜੈਕਟ ਸ਼ੁਰੂ ਕੀਤਾ ਹੈ। ਇਸ ਸਮੇਂ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਵੱਖ-ਵੱਖ ਸ਼ਹਿਰਾਂ ਵਿੱਚ ਰੋਜ਼ਾਨਾ 3,200 ਯੋਗਾ ਕਲਾਸਾਂ ਚਲਾਈਆਂ ਜਾ ਰਹੀਆਂ ਹਨ, ਜਿਸ ਨਾਲ ਹਰ ਰੋਜ਼ ਲਗਭਗ 1,00,000 ਲੋਕਾਂ ਨੂੰ ਲਾਭ ਪਹੁੰਚਦਾ ਹੈ।

10. ਮੇਰੀ ਸਰਕਾਰ "ਪੰਜਾਬ ਸਿੱਖਿਆ ਕ੍ਰਾਂਤੀ" ਅਧੀਨ ਸਰਕਾਰੀ ਸਕੂਲਾਂ ਵਿੱਚ ਚੰਗੀ ਤਰ੍ਹਾਂ ਪ੍ਰਬੰਧਿਤ, ਸੁਰੱਖਿਅਤ ਅਤੇ ਮਹਿਫੂਜ਼ ਕੈਂਪਸ ਪ੍ਰਦਾਨ ਕਰਨ ਲਈ ਵਚਨਬੱਧ ਹੈ। ਅਸੀਂ

ਪੈਸਕੋ ਰਾਹੀਂ 2042 ਕੈਂਪਸ ਮੈਨੇਜਰ, 1378 ਸੁਰੱਖਿਆ ਗਾਰਡ ਨਿਯੁਕਤ ਕੀਤੇ ਹਨ। ਇਸ ਤੋਂ ਇਲਾਵਾ ਮੇਰੀ ਸਰਕਾਰ ਨੇ ਸਕੂਲਜ਼ ਆਫ਼ ਐਮੀਨੈਂਸ ਅਤੇ ਲੜਕੀਆਂ ਦੇ ਸਕੂਲਾਂ ਵਾਸਤੇ 230 ਬੱਸਾਂ ਚਲਾਉਣ ਦੇ ਨਾਲ ਸਬਸਿਡੀ ਵਾਲੀ ਆਵਾਜਾਈ ਸਹੂਲਤ ਸ਼ੁਰੂ ਕੀਤੀ ਹੈ।

11. ਮੇਰੀ ਸਰਕਾਰ 1970 ਆਈ.ਸੀ.ਟੀ. ਲੈਬਾਂ, 7702 ਸਮਾਰਟ ਕਲਾਸ ਰੂਮ ਅਤੇ 19120 ਸਕੂਲਾਂ ਵਿੱਚ 100 ਐੱਮ.ਬੀ.ਪੀ.ਐੱਸ. ਸਪੀਡ ਇੰਟਰਨੈੱਟ ਕੁਨੈਕਸ਼ਨ ਸਥਾਪਤ ਕਰਕੇ ਸਰਕਾਰੀ ਸਕੂਲਾਂ ਵਿੱਚ ਹਾਈ-ਟੈੱਕ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ।

12. ਮੇਰੀ ਸਰਕਾਰ ਵਿਦਿਆਰਥੀਆਂ ਨੂੰ ਮਾਨਸਿਕ ਹੁਨਰ ਅਤੇ ਸਰੋਤ ਪ੍ਰਦਾਨ ਕਰਾ ਕੇ ਵੱਡੇ ਸੁਪਨੇ ਲੈਣ ਅਤੇ ਉਨ੍ਹਾਂ ਨੂੰ ਪੂਰੇ ਕਰਨ ਲਈ ਕਾਬਲ ਬਣਾਉਣ ਵਾਸਤੇ ਵਚਨਬੱਧ ਹੈ। ਸ਼ੁਰੂਆਤੀ ਪੜਾਅ 'ਤੇ ਕਾਰੋਬਾਰੀ ਵਿਚਾਰਾਂ ਨੂੰ ਉਤਸ਼ਾਹਿਤ ਕਰਨ ਲਈ, ਸਰਕਾਰ ਨੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਬਿਜ਼ਨਸ ਬਲਾਸਟਰ ਸਕੀਮ ਸ਼ੁਰੂ ਕੀਤੀ ਹੈ। ਇਸ ਸਕੀਮ ਦੇ ਤਹਿਤ 6700 ਟੀਮਾਂ ਦੇ 51,565 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਅਤੇ ਉਨ੍ਹਾਂ ਨੂੰ ਆਪਣੇ ਕਾਰੋਬਾਰੀ ਵਿਚਾਰਾਂ ਨੂੰ ਅਸਲ ਜੀਵਨ ਦੇ ਕਾਰੋਬਾਰਾਂ ਵਿੱਚ ਬਦਲਣ ਲਈ 10.32 ਕਰੋੜ ਰੁਪਏ ਦੀ ਮੁੱਢਲੀ ਰਾਸ਼ੀ ਦਿੱਤੀ ਗਈ।

13. ਮੇਰੀ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਅਤਿ-ਆਧੁਨਿਕ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੇ ਯਤਨਾਂ ਤਹਿਤ ਵਾਧੂ ਕਲਾਸ ਰੂਮ, ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ, ਪਖਾਨਿਆਂ ਅਤੇ ਹੋਰ ਸਹੂਲਤਾਂ ਦੇ ਨਿਰਮਾਣ 'ਤੇ 568.43 ਕਰੋੜ ਰੁਪਏ ਖਰਚ ਕੀਤੇ ਹਨ।

14. ਮੇਰੀ ਸਰਕਾਰ ਸਕੂਲ ਪੱਧਰ 'ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਯਕੀਨੀ ਬਣਾਉਣ ਲਈ 2644 ਮਾਸਟਰ ਕਾਡਰ ਅਧਿਆਪਕਾਂ ਨੂੰ ਲੈਕਚਰਾਰ ਵਜੋਂ ਅਤੇ 424 ਐਲੀਮੈਂਟਰੀ ਅਧਿਆਪਕਾਂ ਨੂੰ ਮਾਸਟਰ ਕਾਡਰ ਵਜੋਂ ਤਰੱਕੀ

ਦਿੱਤੀ ਗਈ ਹੈ। ਦਹਾਕੇ ਵਿੱਚ ਪਹਿਲੀ ਵਾਰ 57 ਪ੍ਰਿੰਸੀਪਲਾਂ ਨੂੰ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਅਤੇ ਸਹਾਇਕ ਡਾਇਰੈਕਟਰਾਂ ਵਜੋਂ ਤਰੱਕੀ ਦਿੱਤੀ ਗਈ ਹੈ।

15. ਮੇਰੀ ਸਰਕਾਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ ਜਿਸ ਲਈ ਪਹਿਲੀ ਤੋਂ ਅੱਠਵੀਂ ਜਮਾਤ ਦੇ ਬੀ.ਪੀ.ਐੱਲ. ਸ਼੍ਰੇਣੀ ਤੋਂ ਉੱਪਰ ਦੇ 5,83,333 ਵਿਦਿਆਰਥੀਆਂ ਨੂੰ ਵਰਦੀਆਂ ਮੁਹੱਈਆ ਕਰਵਾਉਣ ਲਈ 35.0 ਕਰੋੜ ਰੁਪਏ ਖਰਚ ਕੀਤੇ ਗਏ ਹਨ।

16. ਮੇਰੀ ਸਰਕਾਰ ਨੇ ਕਿਸਾਨਾਂ ਲਈ ਖਾਸ ਕਰਕੇ ਨਹਿਰਾਂ ਦੇ ਆਖਰੀ ਸਿਰਿਆਂ 'ਤੇ ਰਹਿਣ ਵਾਲੇ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆਂ ਕਰਵਾਉਣਾ ਯਕੀਨੀ ਬਣਾਇਆ ਹੈ। ਇਸ ਯਤਨ ਨੂੰ ਜਾਰੀ ਰੱਖਦੇ ਹੋਏ ਮੇਰੀ ਸਰਕਾਰ ਨੇ ਮੌਜੂਦਾ ਵਿੱਤੀ ਸਾਲ 2024-25 ਵਿੱਚ ਨਹਿਰਾਂ ਦੀ ਬਹਾਲੀ ਅਤੇ ਲਾਈਨਿੰਗ ਲਈ 79 ਪ੍ਰੋਜੈਕਟ ਲਾਗੂ ਕੀਤੇ ਹਨ। ਇਸ ਦੇ ਨਾਲ ਹੀ ਪਿਛਲੇ 30 ਤੋਂ 40 ਸਾਲਾਂ ਤੋਂ ਬੰਦ ਜਾਂ ਗੈਰ-ਕਾਰਜਸ਼ੀਲ ਕੁੱਲ 77 ਨਹਿਰਾਂ ਨੂੰ ਮੁੜ ਚਾਲੂ ਕੀਤਾ ਗਿਆ ਹੈ ਜਿਨ੍ਹਾਂ ਦੀ ਲੰਬਾਈ ਲਗਭਗ 545 ਕਿਲੋਮੀਟਰ ਹੈ। ਇਸ ਤੋਂ ਇਲਾਵਾ, ਲਗਭਗ 4200 ਕਿਲੋਮੀਟਰ ਲੰਬਾਈ ਦੇ ਕੁੱਲ 16000 ਜਲ ਮਾਰਗਾਂ ਨੂੰ ਬਹਾਲ ਕੀਤਾ ਗਿਆ ਹੈ ਜੋ ਪਿਛਲੇ 30-40 ਸਾਲਾਂ ਤੋਂ ਬੰਦ ਪਏ ਸਨ। ਠੋਸ ਯਤਨਾਂ ਸਦਕਾ, ਮੇਰੀ ਸਰਕਾਰ ਪਿਛਲੇ ਸਾਉਣੀ ਦੇ ਸੀਜ਼ਨ ਦੌਰਾਨ ਪਿਛਲੇ 5 ਸਾਲਾਂ ਦੇ ਮੁਕਾਬਲੇ 12% ਤੋਂ ਵੱਧ ਵਾਧੂ ਪਾਣੀ ਦੀ ਵਰਤੋਂ ਕਰਨ ਦੇ ਯੋਗ ਹੋਈ ਹੈ।

17. ਮੇਰੀ ਸਰਕਾਰ ਨੇ ਹੜ੍ਹਾਂ ਦੌਰਾਨ ਨੁਕਸਾਨ ਨੂੰ ਰੋਕਣ ਲਈ 99 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹਾਂ ਤੋਂ ਸੁਰੱਖਿਆ ਅਤੇ ਨਾਲਿਆਂ ਦੀ ਸਫਾਈ ਦੇ ਕਾਰਜ ਕਰਵਾਏ ਹਨ। ਵੱਖ-ਵੱਖ

ਜ਼ਿਲ੍ਹਿਆਂ ਵਿੱਚ ਲਗਭਗ 3000 ਕਿਲੋਮੀਟਰ ਨਾਲਿਆਂ ਦੇ ਸਫਾਈ ਕਾਰਜ ਅਤੇ ਲਗਭਗ 46 ਹੜ੍ਹ ਸੁਰੱਖਿਆ ਕਾਰਜ ਕੀਤੇ ਗਏ ਹਨ। ਇਸ ਤੋਂ ਇਲਾਵਾ, ਮੇਰੀ ਸਰਕਾਰ ਨੇ ਸਟੇਟ ਡਿਜ਼ਾਸਟਰ ਮਿਟੀਗੇਸ਼ਨ ਫੰਡ ਅਧੀਨ ਹੜ੍ਹਾਂ ਦੀ ਰੋਕਥਾਮ ਲਈ 60 ਕਾਰਜਾਂ ਵਾਸਤੇ ਲਗਭਗ 70 ਕਰੋੜ ਰੁਪਏ ਦੀ ਵਰਤੋਂ ਕੀਤੀ ਹੈ। ਮੇਰੀ ਸਰਕਾਰ ਨੇ ਜਲੰਧਰ ਸਮਾਰਟ ਸਿਟੀ ਪ੍ਰੋਜੈਕਟ ਅਧੀਨ ਜਲੰਧਰ ਸ਼ਹਿਰ ਵਿੱਚ ਕਾਲਾ ਸਿੰਘਾ ਨਾਲੇ ਦੀ ਲਾਈਨਿੰਗ ਦਾ ਕੰਮ ਵੀ ਸ਼ੁਰੂ ਕੀਤਾ ਹੈ, ਜਿਸ ਦੀ ਲਾਗਤ 34.00 ਕਰੋੜ ਰੁਪਏ ਹੈ। ਰਾਸ਼ਟਰੀ ਸੁਰੱਖਿਆ 'ਤੇ ਜ਼ੋਰ ਦਿੰਦੇ ਹੋਏ, ਮੇਰੀ ਸਰਕਾਰ ਨੇ "ਰਾਵੀ ਨਦੀ 'ਤੇ ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਕਟਾਅ ਦੀ ਸਮੱਸਿਆ ਨਾਲ ਨਜਿੱਠਣ ਅਤੇ ਪਾਕਿਸਤਾਨ ਸਰਕਾਰ ਦੁਆਰਾ ਕੀਤੇ ਗਏ ਸੁਰੱਖਿਆ ਕਾਰਜਾਂ ਦੇ ਪ੍ਰਭਾਵ ਨੂੰ ਬੇਅਸਰ ਕਰਨ ਹਿਤ ਕਾਰਜਾਂ ਲਈ "ਸੰਗਠਿਤ ਪ੍ਰੋਜੈਕਟ" ਪ੍ਰਸਤਾਵ ਲਈ 3.74 ਕਰੋੜ ਰੁਪਏ ਦੀ ਵਾਧੂ ਰਕਮ ਦੀ ਮਨਜ਼ੂਰੀ ਦਿੱਤੀ ਹੈ।

18. ਮੇਰੀ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ 25 ਸਾਲਾਂ ਤੋਂ ਵੱਧ ਸਮੇਂ ਤੋਂ ਲੰਬਿਤ ਸ਼ਾਹਪੁਰ ਕੰਢੀ ਡੈਮ ਪ੍ਰੋਜੈਕਟ ਆਖਰਕਾਰ ਸਾਕਾਰ ਰੂਪ ਲੈ ਰਿਹਾ ਹੈ। ਜਲ ਕੁੰਡ ਨੂੰ ਭਰਨ ਦਾ ਕੰਮ ਸ਼ੁਰੂ ਹੋ ਗਿਆ ਹੈ। ਇਹ ਪ੍ਰੋਜੈਕਟ 206 ਮੈਗਾਵਾਟ ਦੀ ਸਥਾਪਿਤ ਸਮਰੱਥਾ ਦੇ ਨਾਲ 1042 ਮੈਗਾ ਯੂਨਿਟ ਪਣ-ਬਿਜਲੀ ਪੈਦਾ ਕਰੇਗਾ ਅਤੇ 37,173 ਹੈਕਟੇਅਰ ਦੀ ਵਾਧੂ ਸਿੰਚਾਈ ਸਮਰੱਥਾ ਦੇ ਨਾਲ-ਨਾਲ ਯੂ.ਬੀ.ਡੀ.ਸੀ. ਪ੍ਰਣਾਲੀ ਅਧੀਨ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਅਤੇ ਪਠਾਨਕੋਟ ਜ਼ਿਲ੍ਹਿਆਂ ਵਿੱਚ 1.18 ਲੱਖ ਹੈਕਟੇਅਰ ਖੇਤਰ ਦੀ ਸਿੰਚਾਈ ਕਰੇਗਾ। ਪਾਕਿਸਤਾਨ ਵੱਲ ਅਜਾਈਂ ਜਾ ਰਹੇ ਪਾਣੀ ਨੂੰ ਵੀ ਰੋਕਿਆ ਜਾਵੇਗਾ।

19. ਇਸ ਤੋਂ ਇਲਾਵਾ, ਮੇਰੀ ਸਰਕਾਰ ਨੇ "ਮਨਰੇਗਾ ਦੀ ਪੂਰੀ ਸਮਰੱਥਾ ਦੀ ਵਰਤੋਂ ਕਰਨ ਲਈ ਇਸ ਦੇ ਨਾਲ ਮਿਲ ਕੇ ਵੱਖ-ਵੱਖ ਕਾਰਜਾਂ ਦਾ ਨਿਰਮਾਣ" ਪ੍ਰੋਜੈਕਟ ਸ਼ੁਰੂ ਕੀਤਾ ਹੈ। ਇਸ

ਤੋਂ ਇਲਾਵਾ, ਮੇਰੀ ਸਰਕਾਰ ਨੇ 270 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਮਨਰੇਗਾ ਫੰਡਾਂ ਦੀ ਵਰਤੋਂ ਵੱਖ-ਵੱਖ ਹੜ੍ਹ ਸੁਰੱਖਿਆ ਕਾਰਜਾਂ, ਨਹਿਰਾਂ ਦੀ ਸਫਾਈ, ਨਹਿਰਾਂ ਦੀ ਲਾਈਨਿੰਗ, ਨਾਲਿਆਂ ਦੀ ਸਫਾਈ ਅਤੇ ਜਲ ਮਾਰਗਾਂ ਦੀ ਮੁਰੰਮਤ ਲਈ ਕੀਤੀ ਹੈ।

20. ਮੇਰੀ ਸਰਕਾਰ ਨੇ ਕੇਂਦਰੀ ਪੂਲ ਅਧੀਨ ਕਣਕ ਅਤੇ ਝੋਨੇ ਦੀ ਖਰੀਦ ਲਈ ਸਫਲਤਾਪੂਰਵਕ ਖਰੀਦ ਕਾਰਜ ਕੀਤੇ ਹਨ। ਹਾੜੀ ਅਤੇ ਸਾਉਣੀ ਦੇ ਮੌਸਮ ਦੌਰਾਨ ਕ੍ਰਮਵਾਰ 121.31 ਲੱਖ ਟਨ ਕਣਕ ਅਤੇ 173.58 ਲੱਖ ਟਨ ਝੋਨਾ ਖਰੀਦਿਆ ਗਿਆ ਅਤੇ ਘੱਟੋ-ਘੱਟ ਸਮਰਥਨ ਮੁੱਲ ਦੇ 68,630 ਕਰੋੜ ਰੁਪਏ ਦੀ ਅਦਾਇਗੀ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਗਈ। ਰਾਜ ਨੇ 2024-25 ਦੌਰਾਨ ਕੇਂਦਰੀ ਪੂਲ ਵਿੱਚ ਕਣਕ ਦਾ 45% ਵੱਡਾ ਯੋਗਦਾਨ ਪਾਇਆ।

21. ਮੇਰੀ ਸਰਕਾਰ ਨੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਅਧੀਨ ਕਣਕ ਦੀ ਵੰਡ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ 14,400 ਈ-ਪੀ.ਓ.ਐੱਸ. ਕਿੱਟਾਂ ਅਤੇ ਬਿਜਲਈ ਕੰਡੇ ਖਰੀਦੇ ਹਨ ਅਤੇ ਹਰੇਕ ਉਚਿਤ ਕੀਮਤ ਦੁਕਾਨ ਨੂੰ ਇੱਕ ਸਮਰਪਿਤ ਈ-ਪੀ.ਓ.ਐੱਸ. ਕਿੱਟ ਅਤੇ ਬਿਜਲਈ ਕੰਡੇ ਨਾਲ ਲੈਸ ਕੀਤਾ ਹੈ।

22. ਰਾਜ ਵਿੱਚ ਅਨਾਜ ਦੇ ਸੁਰੱਖਿਅਤ ਅਤੇ ਵਿਗਿਆਨਕ ਭੰਡਾਰਨ ਨੂੰ ਯਕੀਨੀ ਬਣਾਉਣ ਲਈ, 10 ਸਾਲ ਦੀ ਗਰੰਟੀ ਦੇ ਆਧਾਰ 'ਤੇ 9 ਲੱਖ ਮੀਟ੍ਰਿਕ ਟਨ ਸਮਰੱਥਾ ਵਾਲੇ ਗੋਦਾਮਾਂ ਦੇ ਨਿਰਮਾਣ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚੋਂ 2 ਲੱਖ ਮੀਟ੍ਰਿਕ ਟਨ ਸਮਰੱਥਾ ਵਾਲੇ ਗੋਦਾਮਾਂ ਦੇ ਨਿਰਮਾਣ ਲਈ ਸਫਲ ਬੋਲੀਕਾਰਾਂ ਨੂੰ ਅਵਾਰਡ ਲੈਟਰ ਜਾਰੀ ਕੀਤੇ ਗਏ ਹਨ। ਇਸ ਤੋਂ ਇਲਾਵਾ, ਆਉਣ ਵਾਲੇ ਆਰ.ਐੱਮ.ਐੱਸ. 2025-26 ਦੌਰਾਨ ਕਣਕ ਦੇ ਸੁਰੱਖਿਅਤ ਭੰਡਾਰਨ ਨੂੰ ਯਕੀਨੀ ਬਣਾਉਣ ਲਈ 35 ਐੱਲ.ਐੱਮ.ਟੀ.

ਵਿਗਿਆਨਕ ਸੀ.ਏ.ਪੀ. (ਕਵਰ ਅਤੇ ਪਲਿੰਥ) ਦੇ ਨਿਰਮਾਣ ਲਈ ਟੈਂਡਰ ਜਾਰੀ ਕੀਤੇ ਗਏ ਹਨ।

23. ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦੇ ਸਭ ਤੋਂ ਮਹੱਤਵਪੂਰਨ ਹਿੱਸਿਆਂ ਵਿੱਚੋਂ ਇੱਕ ਹੈ। 1960 ਦੇ ਦਹਾਕੇ ਵਿੱਚ ਭਾਰਤ ਦੇ ਅਨਾਜ ਸੰਕਟ ਦੌਰਾਨ, ਪੰਜਾਬ ਰਾਜ ਅਤੇ ਇਸ ਦੇ ਮਿਹਨਤੀ ਕਿਸਾਨਾਂ ਨੇ ਹਰੀ ਕ੍ਰਾਂਤੀ ਲਿਆਉਣ ਵਿੱਚ ਮੋਹਰੀ ਭੂਮਿਕਾ ਨਿਭਾਈ ਅਤੇ ਪਿਛਲੇ ਪੰਜ ਦਹਾਕਿਆਂ ਤੋਂ ਭਾਰਤ ਦੀ ਖੁਰਾਕ ਸੁਰੱਖਿਆ ਨੂੰ ਬਣਾਈ ਰੱਖਣ ਵਿੱਚ ਲਗਾਤਾਰ ਯੋਗਦਾਨ ਪਾਇਆ ਹੈ। ਪੰਜਾਬ ਵਿੱਚ ਲਗਭਗ 42 ਲੱਖ ਹੈਕਟੇਅਰ ਕਾਸ਼ਤਯੋਗ ਰਕਬਾ ਹੈ, ਜੋ ਕਿ ਦੇਸ਼ ਦੇ ਕੁੱਲ ਕਾਸ਼ਤਯੋਗ ਰਕਬੇ ਦਾ ਲਗਭਗ 3% ਹੈ, ਪਰ ਪੰਜਾਬ ਕੁੱਲ ਉਤਪਾਦਨ ਦਾ ਲਗਭਗ 18% ਕਣਕ, 11% ਚੌਲ ਅਤੇ 4% ਕਪਾਹ ਪੈਦਾ ਕਰਦਾ ਹੈ। ਪੰਜਾਬ ਦਾ ਮੰਡੀ ਢਾਂਚਾ ਭਾਰਤ ਵਿੱਚੋਂ ਸਭ ਤੋਂ ਮਜ਼ਬੂਤ ਹੈ ਅਤੇ 2023-24 ਦੌਰਾਨ ਪੰਜਾਬ ਰਾਜ ਨੇ ਕੇਂਦਰੀ ਅਨਾਜ ਭੰਡਾਰ ਵਿੱਚ ਕ੍ਰਮਵਾਰ ਝੋਨੇ ਅਤੇ ਕਣਕ ਦਾ ਲਗਭਗ 24% ਅਤੇ 50.4% ਯੋਗਦਾਨ ਪਾਇਆ ਹੈ।

24. ਮੇਰੀ ਸਰਕਾਰ ਨੇ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ 1500/- ਰੁਪਏ ਪ੍ਰਤੀ ਏਕੜ ਦੀ ਦਰ ਨਾਲ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਹੈ। 2024 ਦੇ ਸਾਉਣੀ ਸੀਜ਼ਨ ਦੌਰਾਨ ਡੀ.ਐੱਸ.ਆਰ. ਅਧੀਨ ਕੁੱਲ 2.53 ਲੱਖ ਏਕੜ ਰਕਬਾ ਕਾਸ਼ਤ ਕੀਤਾ ਗਿਆ, ਜਦੋਂ ਕਿ 2023 ਦੇ ਸਾਉਣੀ ਸੀਜ਼ਨ ਦੌਰਾਨ ਇਹ ਰਕਬਾ 1.70 ਲੱਖ ਏਕੜ ਸੀ, ਜੋ ਕਿ ਪਿਛਲੇ ਸਾਲ ਨਾਲੋਂ 48.8% ਵੱਧ ਹੈ।

25. ਸਾਲ 2024 ਦੌਰਾਨ ਬਾਸਮਤੀ ਦੀ ਕਾਸ਼ਤ 6.81 ਲੱਖ ਹੈਕਟੇਅਰ ਰਕਬੇ ਵਿੱਚ ਕੀਤੀ ਗਈ ਹੈ, ਜਦੋਂ ਕਿ 2023 ਦੀ ਸਾਉਣੀ ਦੌਰਾਨ ਇਹ 5.96 ਲੱਖ ਹੈਕਟੇਅਰ ਸੀ, ਜੋ ਕਿ

ਪਿਛਲੇ ਸਾਲ ਨਾਲੋਂ ਲਗਭਗ 14% ਵੱਧ ਹੈ। ਕਿਸਾਨਾਂ ਨੂੰ ਅੰਤਰਰਾਸ਼ਟਰੀ ਮਿਆਰ ਦੀ ਬਾਸਮਤੀ ਨਿਰਯਾਤ ਕਰਨ ਦੇ ਯੋਗ ਬਣਾਉਣ ਲਈ, ਪੰਜਾਬ ਸਰਕਾਰ ਨੇ ਬਾਸਮਤੀ 'ਤੇ ਵਰਤੇ ਜਾਣ ਵਾਲੇ 10 ਖੇਤੀਬਾੜੀ ਕੀਟਨਾਸ਼ਕਾਂ 'ਤੇ ਪਾਬੰਦੀ ਲਗਾ ਦਿੱਤੀ ਹੈ। ਖੇਤੀਬਾੜੀ ਵਿਭਾਗ ਨੇ ਕੀਟਨਾਸ਼ਕ ਰਹਿੰਦ-ਖੂੰਹਦ ਰਹਿਤ ਬਾਸਮਤੀ ਉਤਪਾਦਨ ਲਈ ਜ਼ਿਲ੍ਹਾ ਅੰਮ੍ਰਿਤਸਰ ਦੇ ਬਲਾਕ ਚੌਗਾਵਾਂ ਵਿਖੇ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ ਹੈ।

26. ਮੇਰੀ ਸਰਕਾਰ ਨੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਲਈ ਕਿਸਾਨ ਸਮੂਹਾਂ/ਪੰਚਾਇਤਾਂ ਨੂੰ 80% ਸਬਸਿਡੀ ਅਤੇ ਵਿਅਕਤੀਗਤ ਕਿਸਾਨਾਂ ਨੂੰ 50% ਸਬਸਿਡੀ ਪ੍ਰਦਾਨ ਕੀਤੀ ਹੈ। ਵਿੱਤੀ ਸਾਲ 2018-19 ਤੋਂ ਹੁਣ ਤੱਕ ਪਰਾਲੀ ਪ੍ਰਬੰਧਨ ਲਈ ਕੁੱਲ 1,46,500 ਮਸ਼ੀਨਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਕਾਰਨ ਸਾਲ 2023 ਦੇ ਮੁਕਾਬਲੇ ਸਾਲ 2024 ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ 70 ਫੀਸਦੀ ਕਮੀ ਆਈ ਹੈ।

27. ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਮੱਕੀ ਹੇਠ ਰਕਬਾ ਵਧਾਉਣ ਲਈ, ਮੇਰੀ ਸਰਕਾਰ ਨੇ ਪੀ.ਏ.ਯੂ., ਲੁਧਿਆਣਾ ਦੁਆਰਾ ਪ੍ਰਮਾਣਿਤ ਅਤੇ ਸਿਫ਼ਾਰਸ਼ ਕੀਤੀਆਂ ਮੱਕੀ ਦੇ ਬੀਜਾਂ ਦੀਆਂ ਹਾਈਬ੍ਰਿਡ ਕਿਸਮਾਂ 'ਤੇ 100 ਰੁਪਏ ਪ੍ਰਤੀ ਕਿਲੋਗ੍ਰਾਮ ਦੀ ਦਰ ਨਾਲ ਕੁੱਲ 2.30 ਕਰੋੜ ਰੁਪਏ ਦੀ ਸਬਸਿਡੀ ਪ੍ਰਦਾਨ ਕੀਤੀ ਹੈ। ਇਸ ਤੋਂ ਇਲਾਵਾ ਸੂਬੇ ਵਿੱਚ 3500 ਹੈਕਟੇਅਰ ਰਕਬੇ ਵਿੱਚ ਮੱਕੀ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਹੈ। ਕਿਸਾਨਾਂ ਨੂੰ ਮੱਕੀ ਦੇ ਬੀਜ, ਖਾਦਾਂ, ਕੀਟਨਾਸ਼ਕਾਂ ਆਦਿ ਲਈ 6000 ਰੁਪਏ ਪ੍ਰਤੀ ਹੈਕਟੇਅਰ ਦੀ ਦਰ ਨਾਲ ਸਹਾਇਤਾ ਦਿੱਤੀ ਜਾਵੇਗੀ।

28. ਪੰਜਾਬ ਸਰਕਾਰ ਨੇ ਪੰਜਾਬ ਦੇ ਵਾਤਾਵਰਨ, ਸੱਭਿਆਚਾਰ ਅਤੇ ਫਸਲਾਂ ਦੇ ਆਧਾਰ 'ਤੇ ਖੇਤੀ ਨੀਤੀ ਬਣਾਉਣ ਲਈ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ, ਜੋ ਟਿਕਾਊ ਖੇਤੀ, ਕੁਦਰਤੀ ਸਰੋਤਾਂ ਦੀ ਸੁਰੱਖਿਆ ਅਤੇ ਕਿਸਾਨਾਂ ਦੀ ਆਮਦਨ ਵਧਾਉਣ 'ਚ ਸਹਾਈ ਹੋਵੇਗੀ। ਖੇਤੀਬਾੜੀ ਨੀਤੀ ਦਾ ਖਰੜਾ ਸਾਰੇ ਹਿੱਸੇਦਾਰਾਂ, ਕਿਸਾਨ/ਮਜ਼ਦੂਰ ਯੂਨੀਅਨਾਂ ਨੂੰ ਭੇਜਿਆ ਗਿਆ ਹੈ ਅਤੇ ਉਨ੍ਹਾਂ ਦੀ ਵੱਡਮੁੱਲੀ ਰਾਏ ਮੰਗੀ ਗਈ ਹੈ।

29. ਮੇਰੀ ਸਰਕਾਰ ਛੋਟੇ ਅਤੇ ਹਾਸ਼ੀਆਗ੍ਰਸਤ ਕਿਸਾਨਾਂ ਨੂੰ ਸਮੇਂ ਸਿਰ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਲਈ ਸਰਗਰਮ ਹੈ। ਉੱਚ ਸਬਸਿਡੀ ਦੇ ਕਾਰਨ ਦੇਸ਼ ਭਰ ਵਿੱਚ ਖਾਦਾਂ ਦੀ ਘਾਟ ਦੇ ਬਾਵਜੂਦ, ਮੇਰੀ ਸਰਕਾਰ ਨੇ ਮਾਰਕਫੈੱਡ ਦੀ ਖਾਦਾਂ ਦੀ ਪੂਰਵ-ਵਿਵਸਥਾ ਅਤੇ ਰਾਜ ਭਰ ਵਿੱਚ ਉਹਨਾਂ ਦੀ ਆਵਾਜਾਈ ਦੀ ਸਖ਼ਤ ਨਿਗਰਾਨੀ ਦੀ ਰਣਨੀਤੀ ਦੇ ਜ਼ਰੀਏ ਖਾਦਾਂ ਦੀ ਬਰਾਬਰ ਵੰਡ ਨੂੰ ਯਕੀਨੀ ਬਣਾਇਆ। ਸਾਲ 2024-25 ਦੌਰਾਨ ਸਹਿਕਾਰੀ ਸਭਾਵਾਂ ਨਾਲ ਜੁੜੇ ਛੋਟੇ ਅਤੇ ਹਾਸ਼ੀਆਗ੍ਰਸਤ ਕਿਸਾਨਾਂ ਨੂੰ ਕੁੱਲ 13,82,769 ਮੀਟਰਕ ਟਨ ਯੂਰੀਆ ਅਤੇ 3,17,828 ਮੀਟ੍ਰਿਕ ਟਨ ਡੀ.ਏ.ਪੀ ਵੰਡੀ ਗਈ ਤਾਂ ਜੋ ਖੇਤੀਬਾੜੀ ਗਤੀਵਿਧੀਆਂ ਬਿਨਾਂ ਕਿਸੇ ਰੁਕਾਵਟ ਦੇ ਯਕੀਨਨ ਜਾਰੀ ਰਹਿਣ।

30. ਮੇਰੀ ਸਰਕਾਰ ਪੰਜਾਬ ਰਾਜ ਵਿੱਚ ਡੇਅਰੀ ਪ੍ਰੋਸੈਸਿੰਗ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ ਅਤੇ ਐੱਨ.ਪੀ.ਡੀ.ਡੀ. ਸਕੀਮ (ਜੇ.ਆਈ.ਸੀ.ਏ. ਲੋਨ ਸਹਾਇਤਾ) ਤਹਿਤ 325 ਕਰੋੜ ਰੁਪਏ ਦੇ ਮੋਹਾਲੀ ਡੇਅਰੀ ਵਿਸਤਾਰ ਪ੍ਰੋਜੈਕਟ ਸਥਾਪਤ ਕਰਨ ਲਈ ਮਿਲਕਫੈੱਡ ਦੀ ਮਦਦ ਕਰ ਰਹੀ ਹੈ ਅਤੇ ਇਸੇ ਤਰ੍ਹਾਂ ਨਾਬਾਰਡ ਵੱਲੋਂ ਫੰਡ ਪ੍ਰਾਪਤ ਆਰ.ਆਈ.ਡੀ.ਐੱਫ ਸਕੀਮ ਤਹਿਤ 112 ਕਰੋੜ ਰੁਪਏ

ਦੀ ਲਾਗਤ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਡੇਅਰੀ ਦੇ ਵਿਸਤਾਰ ਦਾ ਪ੍ਰੋਜੈਕਟ ਚੱਲ ਰਿਹਾ ਹੈ। ਇਨ੍ਹਾਂ ਦੋਵਾਂ ਪ੍ਰਾਜੈਕਟਾਂ ਨਾਲ ਮੋਹਾਲੀ, ਰੋਪੜ, ਸ੍ਰੀ ਫਤਹਿਗੜ੍ਹ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਲਾਭ ਹੋਵੇਗਾ। ਇਸ ਤੋਂ ਇਲਾਵਾ ਮਿਲਕਫੈੱਡ ਪੰਜਾਬ ਨੇ ਵਿੱਤੀ ਸਾਲ 2024-25 ਦੌਰਾਨ ਪ੍ਰਤੀ ਦਿਨ 21.50 ਲੱਖ ਲੀਟਰ ਦੁੱਧ ਦੀ ਖਰੀਦ ਕੀਤੀ ਹੈ, ਜਦੋਂ ਕਿ ਤਿੰਨ ਸਾਲ ਪਹਿਲਾਂ ਔਸਤਨ 19.16 ਲੱਖ ਲੀਟਰ ਪ੍ਰਤੀ ਦਿਨ ਦੁੱਧ ਦੀ ਖਰੀਦ ਕੀਤੀ ਜਾਂਦੀ ਸੀ। ਇਸ ਤਰ੍ਹਾਂ, ਵਾਧੂ ਦੁੱਧ ਖਰੀਦ ਕੇ, ਮੇਰੀ ਸਰਕਾਰ ਪੇਂਡੂ ਆਰਥਿਕਤਾ ਵਿੱਚ ਪ੍ਰਤੀ ਸਾਲ 370 ਕਰੋੜ ਰੁਪਏ ਦੀ ਵਾਧੂ ਰਕਮ ਪਾ ਰਹੀ ਹੈ।

31. ਮੇਰੀ ਸਰਕਾਰ, ਕਿਸਾਨਾਂ ਦੇ ਹਿੱਤਾਂ ਪ੍ਰਤੀ ਸੰਵੇਦਨਸ਼ੀਲਤਾ ਦਿਖਾਉਂਦੇ ਹੋਏ, ਪੰਜਾਬ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਗੰਨਾ ਉਤਪਾਦਕਾਂ ਦੇ ਪਿਛਲੇ ਬਕਾਏ ਦੀ ਅਦਾਇਗੀ ਅਤੇ ਸਮੇਂ ਸਿਰ ਅਦਾਇਗੀ ਨੂੰ ਯਕੀਨੀ ਬਣਾਉਣ ਲਈ ਸਰਗਰਮ ਰਹੀ ਹੈ। ਪਿੜਾਈ ਸਾਲ 2023-24 ਦੌਰਾਨ ਸੂਬੇ ਦੀਆਂ 09 ਸਹਿਕਾਰੀ ਖੰਡ ਮਿੱਲਾਂ ਵੱਲੋਂ 195.67 ਲੱਖ ਕੁਇੰਟਲ ਗੰਨੇ ਦੀ ਪਿੜਾਈ ਕੀਤੀ ਗਈ। ਸਹਿਕਾਰੀ ਖੰਡ ਮਿੱਲਾਂ ਨਾਲ ਜੁੜੇ 24043 ਗੰਨਾ ਉਤਪਾਦਕਾਂ ਦੇ 764.99 ਕਰੋੜ ਰੁਪਏ ਦੇ ਸਮੁੱਚੇ ਬਕਾਏ ਅਦਾ ਕੀਤੇ ਗਏ ਹਨ।

32. ਮੇਰੀ ਸਰਕਾਰ ਨੇ ਬਟਾਲਾ ਸਹਿਕਾਰੀ ਖੰਡ ਮਿੱਲ ਵਿਚ 296.14 ਕਰੋੜ ਰੁਪਏ ਦੀ ਲਾਗਤ ਨਾਲ ਰਿਫਾਇੰਡ ਅਤੇ ਫਾਰਮਾਸਿਊਟੀਕਲ ਖੰਡ ਉਤਪਾਦਨ ਦੀ ਸਹੂਲਤ ਦੇ ਨਾਲ 14 ਮੈਗਾਵਾਟ ਸਹਿ-ਉਤਪਾਦਨ ਅਤੇ ਰਿਫਾਇਨਰੀ ਦੇ ਨਾਲ 3500 ਟੀ.ਸੀ.ਡੀ. ਦਾ ਇੱਕ ਨਵਾਂ ਖੰਡ ਮਿੱਲ ਪ੍ਰੋਜੈਕਟ ਸਥਾਪਿਤ ਕੀਤਾ ਹੈ, ਜਿਸ ਨੂੰ 5000 ਟੀ.ਸੀ.ਡੀ. ਤੱਕ ਵਧਾਇਆ

ਜਾ ਸਕਦਾ ਹੈ। ਇਸ ਨਵੀਂ ਖੰਡ ਮਿੱਲ ਵਿੱਚ ਪਿੜਾਈ ਸੀਜ਼ਨ 2024-25 ਸ਼ੁਰੂ ਹੋ ਗਿਆ ਹੈ। ਗੁਰਦਾਸਪੁਰ ਸਹਿਕਾਰੀ ਮਿੱਲ ਵਿਖੇ 402.00 ਕਰੋੜ ਰੁਪਏ ਦੀ ਲਾਗਤ ਨਾਲ 28 ਮੈਗਾਵਾਟ ਸਹਿ-ਉਤਪਾਦਨ ਵਾਲਾ 5000 ਟੀ.ਸੀ.ਡੀ. ਦਾ ਇੱਕ ਹੋਰ ਨਵਾਂ ਖੰਡ ਪਲਾਂਟ ਸਥਾਪਿਤ ਕੀਤਾ ਜਾ ਰਿਹਾ ਹੈ। ਪ੍ਰੋਜੈਕਟ ਸਾਈਟ 'ਤੇ ਕੰਮ ਪੂਰਾ ਹੋਣ ਦੇ ਨੇੜੇ ਹੈ ਅਤੇ ਜਲਦੀ ਹੀ ਵਪਾਰਕ ਉਤਪਾਦਨ ਸ਼ੁਰੂ ਹੋਣ ਦੀ ਉਮੀਦ ਹੈ।

33. ਮਾਰਕਫੈੱਡ ਦੇ ਸੋਹਣਾ ਬ੍ਰਾਂਡ ਦਾ ਵਾਧਾ ਕਮਾਲ ਦਾ ਰਿਹਾ ਹੈ ਅਤੇ ਸੋਹਣਾ ਉਤਪਾਦਾਂ ਦਾ ਕਾਰੋਬਾਰ ਲਗਭਗ 250 ਕਰੋੜ ਰੁਪਏ ਤੋਂ ਵਧ ਕੇ 350 ਕਰੋੜ ਰੁਪਏ ਹੋ ਗਿਆ ਹੈ।

34. ਮੇਰੀ ਸਰਕਾਰ ਪੰਜਾਬ ਦੇ ਸਾਰੇ ਖੇਤਰਾਂ ਨੂੰ ਭਰੋਸੇਯੋਗ ਅਤੇ ਕਿਫ਼ਾਇਤੀ ਬਿਜਲੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਅਸੀਂ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਵਧਾਉਣ ਅਤੇ ਹਰ ਨਾਗਰਿਕ ਲਈ ਫਾਇਦੇਮੰਦ ਯੋਜਨਾਵਾਂ ਨੂੰ ਲਾਗੂ ਕਰਨ ਲਈ ਸਮਰਪਿਤ ਹਾਂ।

35. ਮੈਂ ਇਹ ਵੀ ਕਹਿਣਾ ਚਾਹਾਂਗਾ ਕਿ ਮੇਰੀ ਸਰਕਾਰ ਦੇ ਇਮਾਨਦਾਰ ਇਰਾਦਿਆਂ ਕਾਰਨ, ਅਸੀਂ 2.33 ਤੋਂ 2.76 ਰੁਪਏ ਪ੍ਰਤੀ ਯੂਨਿਟ ਦੀ ਔਸਤ ਦਰ ਨਾਲ 3704 ਮੈਗਾਵਾਟ ਸੂਰਜੀ ਊਰਜਾ ਅਤੇ 3.22 ਤੋਂ 3.28 ਰੁਪਏ ਪ੍ਰਤੀ ਯੂਨਿਟ ਦੀ ਦਰ ਨਾਲ 900 ਮੈਗਾਵਾਟ ਹਾਈਬ੍ਰਿਡ ਊਰਜਾ ਪ੍ਰਾਪਤ ਕੀਤੀ ਹੈ। ਇਸ ਤੋਂ ਇਲਾਵਾ, ਪੰਜਾਬ ਭਰ ਵਿਚ ਛੱਤਾਂ 'ਤੇ ਸੋਲਰ ਪੈਨਲ ਲਗਾ ਕੇ 430 ਮੈਗਾਵਾਟ ਹਰੀ ਊਰਜਾ ਸ਼ਾਮਲ ਕੀਤੀ ਗਈ ਹੈ।

36. ਪਛਵਾੜਾ ਤੋਂ ਪ੍ਰਾਪਤ ਚੰਗੀ ਗੁਣਵੱਤਾ ਵਾਲੇ ਕੋਲੇ ਨੇ ਪਲਾਂਟ ਦੇ ਸੰਚਾਲਨ ਵਿੱਚ ਸੁਧਾਰ ਕੀਤਾ ਹੈ ਅਤੇ ਪੀ.ਐੱਸ.ਪੀ.ਸੀ.ਐੱਲ. ਥਰਮਲ ਪਾਵਰ ਸਟੇਸ਼ਨਾਂ ਨੂੰ ਵਧੀਆ ਬਿਜਲੀ

ਉਤਪਾਦਨ ਲਈ ਕੋਲੇ ਦੀ ਘਾਟ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਹੈ ਅਤੇ ਉਨ੍ਹਾਂ ਕੋਲ ਹਮੇਸ਼ਾ 27 ਦਿਨਾਂ ਤੋਂ ਵੱਧ ਸਮੇਂ ਲਈ ਕੋਲੇ ਦਾ ਸਟਾਕ ਹੁੰਦਾ ਹੈ। ਇਸ ਤੋਂ ਇਲਾਵਾ, ਪਛਵਾੜਾ ਕੋਲਾ ਖਾਨ ਤੋਂ ਕੋਲੇ ਦੀ ਉਪਲਬਧਤਾ ਦੇ ਕਾਰਨ, 2023-24 ਤੋਂ ਰਾਜ ਦੀ ਮਾਲਕੀ ਵਾਲੇ ਥਰਮਲ ਪਲਾਂਟਾਂ ਵਿੱਚ ਆਯਾਤ ਕੀਤੇ ਕੋਲੇ ਦੀ ਵਰਤੋਂ ਨਹੀਂ ਕੀਤੀ ਗਈ, ਜਿਸ ਨਾਲ ਲਗਭਗ 600 ਕਰੋੜ ਰੁਪਏ ਦੀ ਬਚਤ ਹੋਈ।

37. ਸਾਲ 2024-25 ਦੌਰਾਨ, ਪੰਜਾਬ ਨੇ 29.06.2024 ਨੂੰ ਆਪਣੀ ਹੁਣ ਤੱਕ ਦੀ ਸਭ ਤੋਂ ਵੱਧ 16,058 ਮੈਗਾਵਾਟ ਬਿਜਲੀ ਦੀ ਮੰਗ ਪੂਰੀ ਕੀਤੀ ਹੈ। ਕੁੱਲ ਮਿਲਾ ਕੇ, 21.07.2024 ਨੂੰ ਇੱਕ ਦਿਨ ਦੇ ਦੌਰਾਨ ਰਿਕਾਰਡ 3666 ਲੱਖ ਯੂਨਿਟ ਊਰਜਾ ਦੀ ਮੰਗ ਪੂਰੀ ਕੀਤੀ ਗਈ।

38. ਮੇਰੀ ਸਰਕਾਰ ਨੇ ਝੋਨੇ ਦੇ ਸੀਜ਼ਨ ਦੌਰਾਨ ਘਰੇਲੂ, ਵਪਾਰਕ, ਉਦਯੋਗਿਕ ਅਤੇ ਹੋਰ ਖਪਤਕਾਰਾਂ ਨੂੰ ਬਿਨਾਂ ਕਿਸੇ ਬਿਜਲੀ ਕੱਟ ਦੇ ਖੇਤੀਬਾੜੀ ਖਪਤਕਾਰਾਂ ਨੂੰ 8 ਘੰਟੇ ਤੋਂ ਵੱਧ ਬਿਜਲੀ ਸਪਲਾਈ ਯਕੀਨੀ ਬਣਾਈ ਹੈ, ਜਿਸ ਨਾਲ ਝੋਨੇ ਦੀ ਫਸਲ ਦੀ ਭਰਪੂਰ ਪੈਦਾਵਾਰ ਹੋਈ ਹੈ।

39. ਜੀਵਨ ਪੱਧਰ ਨੂੰ ਸੁਧਾਰਨ ਲਈ ਬਿਜਲੀ ਇੱਕ ਬੁਨਿਆਦੀ ਲੋੜ ਹੈ। ਮੇਰੀ ਸਰਕਾਰ ਨੇ ਜੁਲਾਈ 2022 ਤੋਂ ਘਰੇਲੂ ਖਪਤਕਾਰਾਂ ਲਈ 300 ਯੂਨਿਟ ਮਹੀਨਾਵਾਰ ਮੁਫ਼ਤ ਬਿਜਲੀ ਯੋਜਨਾ ਲਾਗੂ ਕੀਤੀ ਹੈ। ਇਸ ਨਾਲ ਲਗਭਗ 70 ਲੱਖ ਯਾਨੀ 90% ਪਰਿਵਾਰਾਂ ਨੂੰ ਲਾਭ ਹੋਇਆ ਹੈ, ਉਨ੍ਹਾਂ ਦਾ ਇੱਕ ਬਿਲਿੰਗ ਚੱਕਰ ਵਿੱਚ ਕੋਈ ਬਿੱਲ ਨਹੀਂ ਆਇਆ ਹੈ। ਇਸ ਤੋਂ ਇਲਾਵਾ ਸਾਰੇ ਖੇਤੀ ਖਪਤਕਾਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਮੇਰੀ ਸਰਕਾਰ ਨੇ

ਸੂਬੇ ਦੇ ਸਾਰੇ ਉਦਯੋਗਿਕ ਖਪਤਕਾਰਾਂ ਨੂੰ 5.667 ਰੁਪਏ ਪ੍ਰਤੀ ਯੂਨਿਟ ਦੀ ਰਿਆਇਤੀ ਦਰ 'ਤੇ ਬਿਜਲੀ ਮੁਹੱਈਆ ਕਰਵਾਈ ਹੈ, ਜਿਸ ਨਾਲ ਉਦਯੋਗਿਕ ਖੇਤਰ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਮਿਲੀ ਹੈ।

40. ਮੇਰੀ ਸਰਕਾਰ ਨੇ ਰੋਪੜ ਵਿਖੇ ਇੱਕ ਨਵਾਂ 400 ਕੇ.ਵੀ. ਸਬ-ਸਟੇਸ਼ਨ, ਵੱਖ-ਵੱਖ ਥਾਵਾਂ 'ਤੇ 16 ਨਵੇਂ 66 ਕੇ.ਵੀ. ਸਬ-ਸਟੇਸ਼ਨ ਸ਼ੁਰੂ ਕਰਕੇ ਅਤੇ ਗੁਰਦਾਸਪੁਰ ਵਿਖੇ ਮੌਜੂਦਾ 132 ਕੇ.ਵੀ. ਸਬ-ਸਟੇਸ਼ਨ ਨੂੰ 220 ਕੇ.ਵੀ. ਤੱਕ ਅੱਪਗਰੇਡ ਕਰ ਕੇ ਟਰਾਂਸਮਿਸ਼ਨ ਅਤੇ ਡਿਸਟ੍ਰੀਬਿਊਸ਼ਨ ਨੈੱਟਵਰਕ ਨੂੰ ਅੱਪਗ੍ਰੇਡ ਕੀਤਾ ਹੈ, ਜਿਸ ਨਾਲ ਆਲੇ-ਦੁਆਲੇ ਦੇ ਖੇਤਰ ਨੂੰ ਨਿਰਵਿਘਨ ਅਤੇ ਭਰੋਸੇਯੋਗ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ।

41. ਮੇਰੀ ਸਰਕਾਰ ਨੇ ਅਕਤੂਬਰ, 2024 ਤੱਕ 6830.50 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਨਵਿਆਉਣਯੋਗ ਊਰਜਾ ਪ੍ਰੋਜੈਕਟ ਸ਼ੁਰੂ ਕੀਤੇ ਹਨ। ਖੇਤੀਬਾੜੀ ਖੇਤਰ ਵਿੱਚ 17600 ਸੋਲਰ ਪੰਪ ਚਾਲੂ ਕੀਤੇ ਗਏ ਹਨ। ਪਿੰਡਾਂ ਵਿੱਚ 1,12,260 ਸੋਲਰ ਸਟਰੀਟ ਲਾਈਟਾਂ ਲਗਾਈਆਂ ਗਈਆਂ ਹਨ।

42. ਪਿਛਲੇ ਇੱਕ ਸਾਲ ਵਿੱਚ, ਮੇਰੀ ਸਰਕਾਰ ਨੇ 1468 ਪਲੇਸਮੈਂਟ ਕੈਂਪਾਂ/ਨੌਕਰੀ ਮੇਲਿਆਂ/ਸਵੈ-ਰੁਜ਼ਗਾਰ ਕੈਂਪਾਂ ਰਾਹੀਂ 85,248 ਉਮੀਦਵਾਰਾਂ ਨੂੰ ਨੌਕਰੀ/ਸਵੈ-ਰੁਜ਼ਗਾਰ ਸਹੂਲਤਾਂ ਪ੍ਰਦਾਨ ਕੀਤੀਆਂ ਹਨ।

43. ਪਿਛਲੇ ਇੱਕ ਸਾਲ ਦੌਰਾਨ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮਾਈ ਭਾਗੋ ਆਰਮਡ ਫੋਰਸਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਪੰਜਾਬ ਯੂਥ ਟਰੇਨਿੰਗ ਐਂਡ ਇੰਪਲਾਇਮੈਂਟ ਸੈਂਟਰ ਵੱਲੋਂ 8614 ਉਮੀਦਵਾਰਾਂ ਨੂੰ ਸਿਖਲਾਈ ਦਿੱਤੀ ਗਈ ਅਤੇ 1129 ਉਮੀਦਵਾਰਾਂ ਦੀ ਨਿਯੁਕਤੀ ਕੀਤੀ ਗਈ।

44. ਯੋਗ ਉਮੀਦਵਾਰਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦੇਣ ਦੇ ਯਤਨਾਂ ਨੂੰ ਜਾਰੀ ਰੱਖਦੇ ਹੋਏ, ਮੇਰੀ ਸਰਕਾਰ ਨੇ ਭਰਤੀ ਵਿੱਚ ਨਿਰਪੱਖਤਾ ਦੇ ਨਾਲ-ਨਾਲ ਕੁਸ਼ਲਤਾ ਨੂੰ ਵੀ ਯਕੀਨੀ ਬਣਾਇਆ ਹੈ। ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਸਾਲ 2022 ਤੋਂ ਹੁਣ ਤੱਕ ਰੈਗੂਲਰ ਭਰਤੀ ਤਹਿਤ ਕੁੱਲ 51,655 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਹਨ। ਹੁਣ ਰਿਵਰਸ ਬ੍ਰੇਨ ਡਰੇਨ ਦਾ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ, ਜਿਸ ਵਿੱਚ ਪੰਜਾਬ ਦੇ ਬਹੁਤ ਸਾਰੇ ਯੋਗ ਨੌਜਵਾਨ, ਜੋ ਪਹਿਲਾਂ ਵਿਦੇਸ਼ ਜਾਣਾ ਪਸੰਦ ਕਰਦੇ ਸਨ, ਹੁਣ ਪੰਜਾਬ ਸਰਕਾਰ ਦੀ ਸੇਵਾ ਵਿੱਚ ਸ਼ਾਮਲ ਹੋ ਰਹੇ ਹਨ।

45. ਮੇਰੀ ਸਰਕਾਰ ਨੇ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਸ਼ਾਨ ਨੂੰ ਮੁੜ ਬਹਾਲ ਕਰਨ ਲਈ 2023 ਵਿੱਚ ਰਾਜ ਦੀ ਨਵੀਂ ਖੇਡ ਨੀਤੀ ਨੂੰ ਅਧਿਸੂਚਿਤ ਕੀਤਾ ਹੈ। ਨਵੀਂ ਖੇਡ ਨੀਤੀ ਤਹਿਤ ਪੂਰੇ ਸੂਬੇ ਵਿੱਚ ਹਰ ਘਰ ਵਾਸਤੇ ਆਸਾਨ ਪਹੁੰਚ ਵਾਲਾ ਖੇਡ ਬੁਨਿਆਦੀ ਢਾਂਚਾ ਉਪਲਬਧ ਕਰਵਾਉਣ ਲਈ ਇਸ ਸਾਲ 1000 ਖੇਡ ਨਰਸਰੀਆਂ ਸਥਾਪਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਮੰਤਵ ਦੀ ਪੂਰਤੀ ਅਤੇ ਸਾਰੇ ਪਿੰਡਾਂ ਵਿੱਚ ਖੇਡ ਮੈਦਾਨ ਤਿਆਰ ਕਰਨ ਲਈ ਖੇਡ ਵਿਭਾਗ ਦਾ ਬਜਟ ਪਿਛਲੇ ਸਾਲ ਦੇ 200 ਕਰੋੜ ਰੁਪਏ ਤੋਂ ਵਧਾ ਕੇ ਇਸ ਸਾਲ 850 ਕਰੋੜ ਰੁਪਏ ਕਰ ਦਿੱਤਾ ਗਿਆ ਹੈ।

46. ਮੇਰੀ ਸਰਕਾਰ ਨੇ 2024-25 ਵਿੱਚ ਨਵੀਂ ਖੇਡ ਨੀਤੀ ਦੇ ਤਹਿਤ ਸੈਂਟਰ ਆਫ ਐਕਸੀਲੈਂਸ, ਨਰਸਰੀਆਂ ਅਤੇ ਉੱਤਮ ਖਿਡਾਰੀਆਂ ਦੀ ਸ਼੍ਰੇਣੀ ਅਧੀਨ 400 ਤੋਂ ਵੱਧ ਕੋਚਾਂ ਦੀ ਭਰਤੀ ਦੀ ਪ੍ਰਕਿਰਿਆ ਸ਼ੁਰੂ ਕੀਤੀ ਹੈ।

47. ਨਵੀਂ ਖੇਡ ਨੀਤੀ ਤਹਿਤ ਖੇਡ ਨਰਸਰੀਆਂ ਵਿੱਚ ਕੁੱਲ 1000 ਤਮਗਾ ਜੇਤੂ ਖਿਡਾਰੀਆਂ ਦੀ ਭਰਤੀ ਕੀਤੀ ਜਾਵੇਗੀ। ਖੇਡ ਨਰਸਰੀਆਂ ਦੀ ਸਥਾਪਨਾ ਤੋਂ ਬਾਅਦ 60,000 ਉਭਰਦੇ ਖਿਡਾਰੀਆਂ ਨੂੰ ਪੋਸ਼ਣ ਅਤੇ ਸਾਜੋ-ਸਾਮਾਨ ਮੁਹੱਈਆ ਕਰਵਾਇਆ ਜਾਵੇਗਾ। ਇਸ ਨਾਲ ਰਾਜ ਦੇ ਨੌਜਵਾਨਾਂ ਵਿੱਚ ਸਿਹਤਮੰਦ ਜੀਵਨ ਸ਼ੈਲੀ ਨੂੰ ਅਪਣਾਉਣ ਲਈ ਮਾਹੌਲ ਸਿਰਜੀਆ ਜਾਵੇਗਾ।

48. ਮੇਰੀ ਸਰਕਾਰ ਨੇ “ਖੇਡਾਂ ਵਤਨ ਪੰਜਾਬ ਦੀਆਂ, 2024” ਦੇ ਸੀਜ਼ਨ-3 ਦਾ ਆਯੋਜਨ ਕੀਤਾ। ਇਸ ਟੂਰਨਾਮੈਂਟ ਵਿੱਚ ਬਲਾਕ ਪੱਧਰ, ਜ਼ਿਲ੍ਹਾ ਪੱਧਰ ਅਤੇ ਰਾਜ ਪੱਧਰ 'ਤੇ ਕਈ ਖੇਡਾਂ ਸ਼ਾਮਲ ਹਨ ਅਤੇ ਜਿਸ ਦੀ ਲਾਗਤ 30.00 ਕਰੋੜ ਰੁਪਏ ਆਈ ਸੀ। ਇਸ ਸਾਲ ਵੀ ਖੇਡਾਂ ਵਤਨ ਪੰਜਾਬ ਦੀਆਂ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾਣਗੇ, ਜਿਸ ਵਿੱਚ ਪਿਛਲੇ ਸਾਲ ਹਰ ਉਮਰ ਵਰਗ ਦੇ 4.5 ਲੱਖ ਲੋਕਾਂ ਨੇ ਭਾਗ ਲਿਆ ਸੀ।

49. ਮੇਰੀ ਸਰਕਾਰ ਨੇ ਅੰਤਰਰਾਸ਼ਟਰੀ ਖੇਡ ਮੁਕਾਬਲਿਆਂ ਦੀ ਤਿਆਰੀ ਲਈ 30 ਖਿਡਾਰੀਆਂ ਨੂੰ 3.44 ਕਰੋੜ ਰੁਪਏ ਵੰਡੇ ਹਨ, 2024-25 ਵਿੱਚ ਅੰਤਰਰਾਸ਼ਟਰੀ, ਰਾਸ਼ਟਰੀ ਅਤੇ ਰਾਜ ਪੱਧਰ 'ਤੇ ਭਾਗ ਲੈਣ ਜਾਂ ਤਮਗੇ ਜਿੱਤਣ ਵਾਲੇ 3996 ਖਿਡਾਰੀਆਂ ਨੂੰ 12.66 ਕਰੋੜ ਰੁਪਏ (ਬਾਰ੍ਹਾਂ ਕਰੋੜ ਛਿਆਹਟ ਲੱਖ ਰੁਪਏ) ਦੇ ਨਕਦ ਇਨਾਮ ਵੰਡੇ ਹਨ। ਖੇਡ

ਵਿਗਿਆਨ, ਖੇਡ ਤਕਨਾਲੋਜੀ, ਖੇਡ ਪ੍ਰਬੰਧਨ, ਖੇਡ ਕੋਚਿੰਗ ਆਦਿ ਦੇ ਖੇਤਰਾਂ ਵਿੱਚ ਖੇਡ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਨੂੰ ਸਾਲ 2024-25 ਲਈ 34.00 ਕਰੋੜ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਸੀ।

50. ਮੇਰੀ ਸਰਕਾਰ ਸੂਬੇ ਵਿੱਚ ਉਦਯੋਗਾਂ ਨੂੰ ਆਕਰਸ਼ਿਤ ਕਰਨ ਲਈ ਲਗਾਤਾਰ ਪ੍ਰੋਤਸਾਹਨ ਪ੍ਰਦਾਨ ਕਰ ਰਹੀ ਹੈ। ਮੌਜੂਦਾ ਅਤੇ ਨਵੀਆਂ ਇਕਾਈਆਂ ਨੂੰ ਪ੍ਰੋਤਸਾਹਨ ਪ੍ਰਦਾਨ ਕਰਨ ਲਈ, ਉਦਯੋਗਿਕ ਅਤੇ ਕਾਰੋਬਾਰੀ ਵਿਕਾਸ ਨੀਤੀ 2022 ਅਧਿਸੂਚਿਤ ਕੀਤੀ ਗਈ ਸੀ ਤਾਂ ਜੋ ਐੱਸ.ਜੀ.ਐੱਸ.ਟੀ. ਦੀ ਪ੍ਰਤੀਪੂਰਤੀ, ਬਿਜਲੀ ਡਿਊਟੀ, ਸਟੈਂਪ ਡਿਊਟੀ, ਮਾਰਕੀਟ ਫੀਸ, ਸੀ.ਐੱਲ.ਯੂ./ਈ.ਡੀ.ਸੀ. ਵਿਚ ਛੋਟ, ਵਿੱਤ, ਤਕਨਾਲੋਜੀ ਅਤੇ ਮਾਰਕੀਟਿੰਗ ਦੇ ਖੇਤਰ ਵਿੱਚ ਐੱਮ.ਐੱਸ.ਐੱਮ.ਈ ਨੂੰ ਵਿਸ਼ੇਸ਼ ਪ੍ਰੋਤਸਾਹਨ ਪ੍ਰਦਾਨ ਕੀਤਾ ਜਾ ਸਕੇ। ਪਿਛਲੀ ਅਤੇ ਮੌਜੂਦਾ ਉਦਯੋਗਿਕ ਨੀਤੀ 2022 ਦੇ ਅੰਤਰਗਤ, ਮਾਰਚ 2022 ਤੋਂ ਹੁਣ ਤੱਕ ਲਗਭਗ 670 ਕਰੋੜ ਯੂਨਿਟਾਂ ਨੂੰ 8,910 ਕਰੋੜ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਅਪ੍ਰੈਲ 2022 ਤੋਂ ਹੁਣ ਤੱਕ ਰਾਜ ਨੇ ਬਿਜਲੀ ਟੈਰਿਫ ਸਬਸਿਡੀ ਲਈ 7,250 ਕਰੋੜ ਰੁਪਏ ਜਾਰੀ ਕੀਤੇ ਹਨ ਅਤੇ ਵਿੱਤ ਵਿਭਾਗ ਤੋਂ ਬਿਜਲੀ ਟੈਰਿਫ ਸਬਸਿਡੀ ਦੇ ਰੂਪ ਵਿੱਚ 3335.42 ਕਰੋੜ ਰੁਪਏ ਦੀ ਮੰਗ ਕੀਤੀ ਹੈ।

51. ਆਪਣੇ ਸੰਜੀਦਾ ਯਤਨਾਂ ਸਦਕਾ, ਮੇਰੀ ਸਰਕਾਰ ਨੂੰ ਮਾਰਚ 2022 ਤੋਂ ਹੁਣ ਤੱਕ 5,986 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ ਜਿਨ੍ਹਾਂ ਵਿੱਚ ਲਗਭਗ 96,836 ਕਰੋੜ ਰੁਪਏ ਦਾ ਨਿਵੇਸ਼ ਪ੍ਰਸਤਾਵਿਤ ਹੈ ਅਤੇ ਲਗਭਗ 4,20,030 ਵਿਅਕਤੀਆਂ ਨੂੰ ਰੁਜ਼ਗਾਰ ਮਿਲਣ ਦੀ

ਸੰਭਾਵਨਾ ਹੈ। ਸਰਕਾਰ ਹਰੇਕ ਸਟਾਰਟਅੱਪ ਨੂੰ ਸੀਡ ਫੰਡਿੰਗ ਵਜੋਂ 3 ਲੱਖ ਰੁਪਏ ਦੇ ਰਹੀ ਹੈ ਅਤੇ 2022 ਤੋਂ ਹੁਣ ਤੱਕ 123 ਸਟਾਰਟਅੱਪਸ ਨੂੰ 3.69 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ।

52. ਮੇਰੀ ਸਰਕਾਰ ਨੇ ਪੀ.ਐੱਸ.ਆਈ.ਈ.ਸੀ. ਦੇ ਡਿਫਾਲਟਰ ਪਲਾਟ ਧਾਰਕਾਂ ਤੋਂ ਵਧੀ ਹੋਈ ਭੂਮੀ ਲਾਗਤ ਅਤੇ ਮੂਲ ਲਾਗਤ ਦੀ ਬਕਾਇਆ ਰਾਸ਼ੀ ਦੀ ਵਸੂਲੀ ਲਈ ਯਕਮੁਸ਼ਤ ਨਿਪਟਾਰਾ ਯੋਜਨਾ ਨੂੰ ਪ੍ਰਵਾਨਗੀ ਦਿੱਤੀ ਹੈ। ਇਸ ਸਕੀਮ ਦੇ ਤਹਿਤ, ਸਾਰੇ ਸਬੰਧਤ ਡਿਫਾਲਟਰਾਂ ਨੂੰ 31.12.2025 ਤੱਕ ਆਪਣੇ ਬਕਾਏ ਦਾ ਭੁਗਤਾਨ ਕਰਨਾ ਹੋਵੇਗਾ, ਜਿਸ ਵਿਚ 100% ਦੰਡਕਾਰੀ ਵਿਆਜ ਮੁਆਫ਼ ਕੀਤਾ ਜਾਵੇਗਾ ਅਤੇ ਬਕਾਇਆ ਰਾਸ਼ੀ 'ਤੇ 8% ਸਧਾਰਨ ਵਿਆਜ ਵਸੂਲ ਕੀਤਾ ਜਾਵੇਗਾ। ਇਸ ਨਾਲ ਉਦਯੋਗ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਗਈ ਹੈ।

53. ਪਿਛਲੇ ਇੱਕ ਸਾਲ ਵਿੱਚ, ਮੇਰੀ ਸਰਕਾਰ ਨੇ ਚਾਰ ਸਰਕਾਰੀ ਬਹੁ-ਤਕਨੀਕੀ ਕਾਲਜਾਂ ਦਾ ਦਰਜਾ ਸੈਂਟਰ ਆਫ਼ ਐਕਸੀਲੈਂਸ ਵਿੱਚ ਅਪਗ੍ਰੇਡ ਕੀਤਾ ਹੈ ਅਤੇ ਸੱਤ ਸਰਕਾਰੀ ਬਹੁ-ਤਕਨੀਕੀ ਕਾਲਜਾਂ ਨੂੰ ਉੱਨਤ ਮਸ਼ੀਨਰੀ ਮੁਹੱਈਆ ਕਰਵਾਈ ਹੈ, ਜਿਸ ਨਾਲ ਰਾਜ ਦੇ ਨੌਜਵਾਨਾਂ ਨੂੰ ਫਾਇਦਾ ਮਿਲ ਰਿਹਾ ਹੈ।

54. ਉਦਯੋਗ-ਸਿੱਖਿਆ ਪਾੜੇ ਨੂੰ ਪੂਰਾ ਕਰਨ ਲਈ, ਮੇਰੀ ਸਰਕਾਰ ਨੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਉਦਯੋਗ-ਅਧਾਰਤ ਕੋਰਸ ਸ਼ੁਰੂ ਕੀਤੇ ਹਨ। ਸੈਸ਼ਨ 2024-25 ਵਿੱਚ, ਸਰਕਾਰੀ ਆਈ.ਟੀ.ਆਈ. ਵਿੱਚ 5,000 ਨਵੀਆਂ ਸੀਟਾਂ ਸ਼ਾਮਲ ਕੀਤੀਆਂ ਗਈਆਂ ਹਨ ਅਤੇ 06 ਸਰਕਾਰੀ ਬਹੁ-ਤਕਨੀਕੀ ਕਾਲਜਾਂ ਵਿੱਚ 510 ਨਵੀਆਂ ਸੀਟਾਂ ਸ਼ਾਮਲ ਕਰਦੇ ਹੋਏ ਨਵੇਂ ਕੋਰਸ ਸ਼ੁਰੂ ਕੀਤੇ ਗਏ ਹਨ।

55. ਮੇਰੀ ਸਰਕਾਰ ਹਰ ਪੇਂਡੂ ਪਰਿਵਾਰ ਨੂੰ ਸ਼ੁੱਧ ਪੀਣਯੋਗ ਪਾਣੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਵਚਨਬੱਧਤਾ ਦੇ ਅਨੁਸਾਰ, ਅਸੀਂ 2,174 ਕਰੋੜ ਰੁਪਏ ਦੇ ਨਿਵੇਸ਼ ਨਾਲ 15 ਵੱਡੇ ਪੱਧਰ ਦੀਆਂ ਬਹੁ-ਪਿੰਡ ਸਤਹੀ ਜਲ ਸਪਲਾਈ ਯੋਜਨਾਵਾਂ ਲਾਗੂ ਕਰ ਰਹੇ ਹਾਂ, ਜਿਸ ਨਾਲ 25 ਲੱਖ ਪੇਂਡੂ ਨਿਵਾਸੀਆਂ ਨੂੰ ਲਾਭ ਹੋਵੇਗਾ। ਇਹ ਪ੍ਰੋਜੈਕਟ ਸਿਖਰਲੇ ਪੜਾਵਾਂ 'ਤੇ ਹਨ ਅਤੇ ਇਨ੍ਹਾਂ ਦੇ ਵਿੱਤੀ ਸਾਲ 2025-26 ਵਿੱਚ ਪੂਰੀ ਤਰ੍ਹਾਂ ਕਾਰਜਸ਼ੀਲ ਹੋਣ ਦੀ ਉਮੀਦ ਹੈ।

56. ਪੇਂਡੂ ਜਲ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਵਿੱਤੀ ਸਾਲ 2024-25 ਦੌਰਾਨ 117.58 ਕਰੋੜ ਰੁਪਏ ਦੀ ਲਾਗਤ ਵਾਲੀਆਂ ਅਤੇ 104 ਪਿੰਡਾਂ ਨੂੰ ਕਵਰ ਕਰਦੀਆਂ 82 ਪੇਂਡੂ ਜਲ ਸਪਲਾਈ ਸਕੀਮਾਂ ਅਤੇ ਇੱਕ ਸੀਵਰੇਜ ਸਕੀਮ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਵਿੱਤੀ ਸਾਲ 2025-26 ਵਿੱਚ 159.95 ਕਰੋੜ ਰੁਪਏ ਦੇ ਨਿਵੇਸ਼ ਨਾਲ 176 ਪਿੰਡਾਂ ਨੂੰ ਲਾਭ ਪਹੁੰਚਾਉਣ ਵਾਲੀਆਂ 144 ਪੇਂਡੂ ਜਲ ਸਪਲਾਈ ਸਕੀਮਾਂ ਦਾ ਵਿਸਥਾਰ ਅਤੇ ਅਪਗ੍ਰੇਡੇਸ਼ਨ ਪ੍ਰਕਿਰਿਆ ਅਧੀਨ ਹੈ।

57. ਖੁੱਲ੍ਹੇ ਵਿੱਚ ਸ਼ੌਚ ਮੁਕਤ (ਓ.ਡੀ.ਐੱਫ) ਰਾਜ ਦਾ ਦਰਜਾ ਸਫਲਤਾਪੂਰਵਕ ਪ੍ਰਾਪਤ ਕਰਨ ਅਤੇ ਇਸ ਨੂੰ ਬਣਾਈ ਰੱਖਣ ਤੋਂ ਬਾਅਦ, ਮੇਰੀ ਸਰਕਾਰ ਹੁਣ ਰਾਜ ਦੇ ਹਰ ਪਿੰਡ ਲਈ ਵਿਆਪਕ ਠੋਸ ਅਤੇ ਤਰਲ ਰਹਿੰਦ-ਖੂੰਹਦ ਪ੍ਰਬੰਧਨ ਨੂੰ ਯਕੀਨੀ ਬਣਾ ਕੇ ਓ.ਡੀ.ਐੱਫ ਪਲੱਸ (ਮਾਡਲ) ਦਰਜਾ ਹਾਸਲ ਕਰਨ ਵੱਲ ਵਧ ਰਹੀ ਹੈ। ਹੁਣ ਤੱਕ, 1,747 ਪਿੰਡਾਂ ਨੂੰ ਓ.ਡੀ.ਐੱਫ ਪਲੱਸ (ਮਾਡਲ) ਘੋਸ਼ਿਤ ਕੀਤਾ ਗਿਆ ਹੈ, ਜੋ ਕਿ ਚਿਰਸਥਾਈ ਸਵੱਛਤਾ ਕਾਰਜਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ।

58. ਪੇਂਡੂ ਖੇਤਰਾਂ ਵਿੱਚ ਤਰਲ ਰਹਿੰਦ-ਖੂੰਹਦ ਪ੍ਰਬੰਧਨ ਯੋਜਨਾ ਦੇ ਤਹਿਤ ਵਾਤਾਵਰਣ ਸਥਿਰਤਾ ਅਤੇ ਸਵੱਛਤਾ ਦੇ ਪ੍ਰਤੀ ਮੇਰੀ ਸਰਕਾਰ ਦੇ ਯਤਨ ਰਾਜ ਦੇ ਵੱਖ-ਵੱਖ ਪਿੰਡਾਂ ਵਿੱਚ ਛੱਪੜਾਂ ਦੇ ਨਵੀਨੀਕਰਨ ਤੋਂ ਝਲਕਦੇ ਹਨ। ਹੁਣ ਤੱਕ 1087 ਕਾਰਜ ਪੂਰੇ ਹੋ ਚੁੱਕੇ ਹਨ ਅਤੇ 482 ਕਾਰਜ ਪ੍ਰਗਤੀ ਅਧੀਨ ਹਨ।

59. ਪੇਂਡੂ ਜੀਵਨ ਪੱਧਰ ਨੂੰ ਹੋਰ ਉੱਚਾ ਚੁੱਕਣ ਦੇ ਆਪਣੇ ਯਤਨਾਂ ਵਿੱਚ, ਮੇਰੀ ਸਰਕਾਰ ਨੇ ਮਨਰੇਗਾ ਯੋਜਨਾ ਦੇ ਤਹਿਤ ਮਹੱਤਵਪੂਰਨ ਤਰੱਕੀ ਕੀਤੀ ਹੈ। ਪੰਜਾਬ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਰਾਜ ਦੇ ਪੇਂਡੂ ਖੇਤਰਾਂ ਵਿੱਚ ਲਗਭਗ 1.58 ਲੱਖ ਵਿਕਾਸ ਕਾਰਜ ਕੀਤੇ ਹਨ ਜਿਨ੍ਹਾਂ ਦੀ ਕੁੱਲ ਲਾਗਤ ਲਗਭਗ 1333 ਕਰੋੜ ਰੁਪਏ ਹੈ। ਇਸ ਨਾਲ 299 ਲੱਖ ਤੋਂ ਵੱਧ ਰੁਜ਼ਗਾਰ-ਦਿਨ ਪੈਦਾ ਕਰਨ ਵਿੱਚ ਮਦਦ ਮਿਲੀ ਹੈ, ਜਿਸ ਨਾਲ 8.17 ਲੱਖ ਪਰਿਵਾਰਾਂ ਨੂੰ ਲੋੜੀਂਦੀ ਜੀਵਿਕਾ ਮਿਲੀ ਹੈ। ਇਸ ਯੋਜਨਾ ਦੇ ਤਹਿਤ, ਮੇਰੀ ਸਰਕਾਰ ਨੇ ਵੱਖ-ਵੱਖ ਪਿੰਡਾਂ ਵਿੱਚ ਖੇਡ ਦੇ ਮੈਦਾਨ ਵਿਕਸਤ ਕਰਨ ਲਈ ਪਹਿਲਕਦਮੀਆਂ ਕੀਤੀਆਂ ਹਨ, ਜੋ ਕਿ ਸਾਡੇ ਨੌਜਵਾਨਾਂ ਦੇ ਮਨੋਰੰਜਨ ਅਤੇ ਸਮੁੱਚੇ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ। ਮੌਜੂਦਾ ਵਿੱਤੀ ਸਾਲ ਵਿੱਚ, ਹੁਣ ਤੱਕ 3,291 ਖੇਡ ਮੈਦਾਨ ਵਿਕਸਤ ਕੀਤੇ ਗਏ ਹਨ ਅਤੇ 1,548 ਖੇਡ ਮੈਦਾਨਾਂ ਦਾ ਕਾਰਜ ਪ੍ਰਗਤੀ ਅਧੀਨ ਹੈ। ਇਸ ਤੋਂ ਇਲਾਵਾ, ਇਸ ਯੋਜਨਾ ਦੇ ਤਹਿਤ, ਇਸ ਵਿੱਤੀ ਸਾਲ ਦੌਰਾਨ ਰਾਜ ਭਰ ਵਿੱਚ 95 ਲੱਖ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਸਥਿਰਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ ਹੈ।

60. ਮੇਰੀ ਸਰਕਾਰ ਦੀ ਸਾਰਿਆਂ ਨੂੰ ਕਿਫਾਇਤੀ ਰਿਹਾਇਸ਼ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਪ੍ਰਧਾਨ ਮੰਤਰੀ ਗ੍ਰਾਮੀਣ ਆਵਾਸ ਯੋਜਨਾ ਨੂੰ ਸਫਲਤਾਪੂਰਵਕ ਲਾਗੂ ਕਰਨ ਤੋਂ ਸਿੱਧ ਹੁੰਦੀ ਹੈ। ਅਸੀਂ 39,660 ਦੇ ਟੀਚੇ ਦੇ ਮੁਕਾਬਲੇ 38,478 ਮਕਾਨਾਂ ਦੀ ਉਸਾਰੀ ਕਰਕੇ ਮਹੱਤਵਪੂਰਨ ਉਪਲੱਬਧੀ ਹਾਸਲ ਕੀਤੀ ਹੈ, ਜਿਸ ਨਾਲ 97% ਦੀ ਪ੍ਰਭਾਵਸ਼ਾਲੀ

ਸਫਲਤਾ ਦਰ ਪ੍ਰਾਪਤ ਹੋਈ ਹੈ। 42,562 ਮਕਾਨਾਂ ਦੇ ਟੀਚੇ ਦੇ ਮੁਕਾਬਲੇ 31,468 ਹੋਰ ਮਕਾਨਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਵਿੱਚੋਂ 70% ਮਕਾਨਾਂ ਦਾ ਟੀਚਾ ਹਾਸਲ ਹੋ ਗਿਆ ਹੈ, ਅਤੇ ਬਾਕੀ ਲਾਭਪਾਤਰੀਆਂ ਨੂੰ ਕਵਰ ਕਰਨ ਦੇ ਯਤਨ ਕੀਤੇ ਜਾ ਰਹੇ ਹਨ।

61. ਪੇਂਡੂ ਜੀਵਨ ਪੱਧਰ ਨੂੰ ਹੋਰ ਉੱਚਾ ਚੁੱਕਣ ਦੇ ਆਪਣੇ ਯਤਨਾਂ ਵਿੱਚ, ਮੇਰੀ ਸਰਕਾਰ ਨੇ ਰਾਜ ਪੇਂਡੂ ਜੀਵਨ ਪੱਧਰ ਯੋਜਨਾ ਦੇ ਤਹਿਤ ਮਹੱਤਵਪੂਰਨ ਸੁਧਾਰ ਕੀਤਾ ਹੈ। 5,45,311 ਪਰਿਵਾਰਾਂ ਨੂੰ ਸ਼ਾਮਲ ਕਰਦੇ ਹੋਏ ਕੁੱਲ 54,326 ਸਵੈ-ਸਹਾਇਤਾ ਸਮੂਹ ਬਣਾਏ ਗਏ ਹਨ। ਮਿਤੀ 31.12.2024 ਤੱਕ 3851 ਪੇਂਡੂ ਸਭਾਵਾਂ ਅਤੇ 148 ਕਲੱਸਟਰ ਪੱਧਰੀ ਫੈਡਰੇਸ਼ਨਾਂ ਦਾ ਗਠਨ ਕੀਤਾ ਗਿਆ ਹੈ। 7589 ਸਵੈ-ਸਹਾਇਤਾ ਸਮੂਹਾਂ ਨੂੰ 94.35 ਕਰੋੜ ਰੁਪਏ ਦਾ ਕਰਜ਼ਾ ਮਿਲਿਆ ਹੈ। ਸਟਾਰਟ ਅੱਪ ਵਿਲੇਜ ਐਂਟਰਪ੍ਰਨਿਓਰਸ਼ਿਪ ਪ੍ਰੋਗਰਾਮ ਪ੍ਰੋਜੈਕਟ ਦੇ ਤਹਿਤ, 455 ਲਾਭਪਾਤਰੀਆਂ ਨੂੰ 94 ਲੱਖ ਰੁਪਏ ਵੰਡੇ ਗਏ ਹਨ, ਪ੍ਰਧਾਨ ਮੰਤਰੀ ਫਾਰਮਲਾਈਜ਼ੇਸ਼ਨ ਆਫ਼ ਮਾਈਕ੍ਰੋ ਫੂਡ ਪ੍ਰੋਸੈਸਿੰਗ ਐਂਟਰਪ੍ਰਾਈਜ਼ਿਜ਼ ਦੇ ਤਹਿਤ, 4304 ਲਾਭਪਾਤਰੀਆਂ ਨੂੰ 2.14 ਕਰੋੜ ਰੁਪਏ ਵੰਡੇ ਗਏ ਹਨ। ਪਹਿਲ ਪ੍ਰੋਜੈਕਟ ਅਧੀਨ 3,600 ਸਵੈ-ਸਹਾਇਤਾ ਸਮੂਹ ਮੈਂਬਰਾਂ ਦੁਆਰਾ ਸਰਕਾਰੀ ਸਕੂਲਾਂ ਦੀਆਂ 7 ਲੱਖ ਵਰਦੀਆਂ ਸਿਲਾਈ ਕੀਤੀਆਂ ਜਾਣਗੀਆਂ।

62. ਮੇਰੀ ਸਰਕਾਰ ਨੇ ਆਮ ਆਦਮੀ ਤੱਕ ਮਾਲੀਆ ਸੇਵਾਵਾਂ ਸੁਚਾਰੂ ਅਤੇ ਸੌਖੇ ਢੰਗ ਨਾਲ ਪ੍ਰਦਾਨ ਕਰਨਾ ਯਕੀਨੀ ਬਣਾਉਣ ਲਈ ਕਈ ਕਦਮ ਚੁੱਕੇ ਹਨ। ਇੱਕ ਵੱਟਸਐਪ ਸ਼ਿਕਾਇਤ ਕੇਂਦਰ ਸਥਾਪਤ ਕੀਤਾ ਗਿਆ ਹੈ। ਜਨਤਾ ਵਟਸਐਪ 'ਤੇ ਸ਼ਿਕਾਇਤਾਂ ਦਰਜ ਕਰ ਸਕਦੀ ਹੈ ਅਤੇ ਇਨ੍ਹਾਂ ਸ਼ਿਕਾਇਤਾਂ ਨੂੰ 21 ਦਿਨਾਂ ਦੇ ਅੰਦਰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।

63. ਮੇਰੀ ਸਰਕਾਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸਾਂ, ਸਬ ਡਿਵੀਜ਼ਨਲ ਕੰਪਲੈਕਸਾਂ, ਤਹਿਸੀਲਾਂ, ਸਬ ਤਹਿਸੀਲਾਂ ਅਤੇ ਪਟਵਾਰ ਵਰਕ ਸਟੇਸ਼ਨਾਂ ਦੀ ਉਸਾਰੀ ਅਤੇ ਮੁਰੰਮਤ ਲਈ 248 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਹੈ।

64. ਅੱਤਵਾਦ ਅਤੇ 1984 ਦੇ ਦੰਗਾ ਪੀੜਿਤ ਪਰਿਵਾਰਾਂ ਦੀ ਭਲਾਈ ਲਈ ਰਾਜ ਵਿੱਚ ਲਾਭਪਾਤਰੀਆਂ ਨੂੰ 34.6 ਕਰੋੜ ਰੁਪਏ ਦੀ ਸਹਾਇਤਾ ਪ੍ਰਦਾਨ ਕੀਤੀ ਗਈ।

65. ਹਰਿਮੰਦਰ ਸਾਹਿਬ ਅਤੇ ਦੁਰਗਿਆਣਾ ਮੰਦਰ ਵਿਖੇ ਲੰਗਰ ਲਈ ਖਰੀਦੇ ਗਏ ਸਮਾਨ 'ਤੇ ਜੀ.ਐੱਸ.ਟੀ. ਦੀ ਭਰਪਾਈ ਲਈ, ਮੇਰੀ ਸਰਕਾਰ ਨੇ ਡੀ.ਸੀ. ਅੰਮ੍ਰਿਤਸਰ ਨੂੰ 2.7 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਹੈ।

66. ਮੇਰੀ ਸਰਕਾਰ ਨੇ ਰੋਜ਼ਾ ਸ਼ਰੀਫ, ਸਰਹਿੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਰੱਖ-ਰਖਾਅ ਲਈ 5 ਲੱਖ ਰੁਪਏ ਦੀ ਰਕਮ ਅਲਾਟ ਕੀਤੀ ਹੈ।

67. ਮੇਰੀ ਸਰਕਾਰ ਨੇ ਨਾਗਰਿਕਾਂ ਦੀ ਮੰਗ ‘ਤੇ ਘਰ ਬੈਠੇ ਸੇਵਾਵਾਂ ਮੁਹੱਈਆ ਕਰਵਾਉਣ ਲਈ "ਡੋਰ-ਸਟੈਪ ਡਿਲੀਵਰੀ ਆਫ਼ ਸਰਵਿਸਿਜ਼" ਜਾਂ "ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ" ਨਾਂ ਦੀ ਇਕ ਨਵੀਂ ਯੋਜਨਾ ਸ਼ੁਰੂ ਕੀਤੀ ਹੈ। ਇਸ ਯੋਜਨਾ ਦੇ ਤਹਿਤ, ਸ਼ੁਰੂ ਵਿੱਚ 43 ਨਾਗਰਿਕ ਸੇਵਾਵਾਂ ਦੀ ਪਛਾਣ ਕੀਤੀ ਗਈ ਸੀ, ਜੋ ਲੈਣ-ਦੇਣ ਦਾ 99% ਤੋਂ ਵੱਧ ਹਿੱਸਾ ਹੈ। ਹੁਣ ਸੇਵਾ ਕੇਂਦਰਾਂ ਦੀਆਂ ਸਾਰੀਆਂ ਸੇਵਾਵਾਂ, ਜਿਨ੍ਹਾਂ ਲਈ ਸੇਵਾ ਕੇਂਦਰਾਂ ਵਿੱਚ ਜਾਣ ਦੀ ਲੋੜ ਨਹੀਂ ਹੈ, ਇਸ ਯੋਜਨਾ ਦੇ ਤਹਿਤ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਦੇ ਨਾਲ ਹੀ, ਇਸ ਸਕੀਮ ਰਾਹੀਂ 406 ਸੇਵਾਵਾਂ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ। 1 ਲੱਖ ਤੋਂ ਵੱਧ ਨਾਗਰਿਕਾਂ ਨੇ ਉਪਲਬਧ ਸੇਵਾਵਾਂ ਦਾ ਲਾਭ ਮਾਣਿਆ ਹੈ।

68. ਇਸ ਤੋਂ ਇਲਾਵਾ, ਨਿਰਵਿਘਨ ਅਤੇ ਪਾਰਦਰਸ਼ੀ ਸੇਵਾ ਪ੍ਰਦਾਨ ਕਰਨ ਅਤੇ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਦੀ ਆਪਣੀ ਵਚਨਬੱਧਤਾ ਦੇ ਤਹਿਤ ਇਨਕਲਾਬੀ ਕਦਮ ਚੁੱਕਦੇ ਹੋਏ, ਮੇਰੀ ਸਰਕਾਰ ਨੇ ਆਪਣੇ ਆੱਨਲਾਈਨ ਪਲੇਟਫਾਰਮ 'ਤੇ ਪਟਵਾਰੀਆਂ, ਸਰਪੰਚਾਂ, ਨੰਬਰਦਾਰਾਂ ਅਤੇ ਐੱਮ.ਸੀ'ਜ਼ ਨੂੰ ਸ਼ਾਮਲ ਕੀਤਾ ਹੈ। ਹੁਣ, ਨਾਗਰਿਕਾਂ ਨੂੰ ਦਸਤਖਤਾਂ ਅਤੇ ਰਿਪੋਰਟਾਂ ਲਈ ਇਨ੍ਹਾਂ ਅਧਿਕਾਰੀਆਂ ਕੋਲ ਜਾਣ ਦੀ ਜ਼ਰੂਰਤ ਨਹੀਂ ਹੈ, ਕਿਉਂਕਿ ਉਨ੍ਹਾਂ ਦੀਆਂ ਅਰਜ਼ੀਆਂ ਦੀ ਤਸਦੀਕ ਐਪ ਜਾਂ ਵਟਸਐਪ ਰਾਹੀਂ ਆੱਨਲਾਈਨ ਹੀ ਕੀਤੀ ਜਾਵੇਗੀ। ਇਸ ਪ੍ਰਕਾਰ ਸਰਕਾਰ ਨੇ ਉਨ੍ਹਾਂ ਨਾਗਰਿਕਾਂ ਨੂੰ ਅਧਿਕਾਰ ਦਿੱਤਾ ਹੈ, ਜਿਨ੍ਹਾਂ ਨੂੰ ਸਿਰਫ਼ ਆਪਣੇ ਦਰਵਾਜ਼ੇ 'ਤੇ ਜਾਂ ਕਿਸੇ ਵੀ ਸੇਵਾ ਕੇਂਦਰ 'ਤੇ ਸੇਵਾਵਾਂ ਲਈ ਅਰਜ਼ੀ ਦੇਣ ਦੀ ਲੋੜ ਹੈ। ਇਸ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਸਰਪੰਚਾਂ, ਨੰਬਰਦਾਰਾਂ ਅਤੇ ਐੱਮ.ਸੀ'ਜ਼ ਦੁਆਰਾ 1175 ਅਰਜ਼ੀਆਂ ਦਾ ਆਨਲਾਈਨ ਨਿਪਟਾਰਾ ਕੀਤਾ ਜਾ ਚੁੱਕਾ ਹੈ।

69. ਮੇਰੀ ਸਰਕਾਰ ਨੇ ਵਿਧਾਨ ਸਭਾ ਨੂੰ ਡਿਜੀਟਲ ਤੌਰ 'ਤੇ ਕੰਮ ਕਰਨ ਅਤੇ ਇਸ ਦੀ ਕੁਸ਼ਲਤਾ ਵਿੱਚ ਸੁਧਾਰ ਕਰਨ ਲਈ ਸੂਚਨਾ ਤਕਨਾਲੌਜੀ ਦੀ ਬਹੁ-ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕਰਨ ਵਿੱਚ ਮਦਦ ਕੀਤੀ ਹੈ। ਪੰਜਾਬ ਵਿਧਾਨ ਸਭਾ ਵਿੱਚ ਸਤੰਬਰ 2023 ਤੋਂ ਰਾਸ਼ਟਰੀ ਈ-ਵਿਧਾਨ ਐਪਲੀਕੇਸ਼ਨ ਸਫਲਤਾਪੂਰਵਕ ਲਾਗੂ ਕੀਤੀ ਗਈ ਹੈ। ਵਿਧਾਨ ਸਭਾ ਦੀ ਕਾਗਜ਼ ਰਹਿਤ ਤਬਦੀਲੀ ਨੇ ਵਧੇਰੇ ਕੁਸ਼ਲਤਾ ਅਤੇ ਵਾਤਾਵਰਣ ਸਥਿਰਤਾ ਨੂੰ ਯਕੀਨੀ ਬਣਾਇਆ ਹੈ। ਸਤੰਬਰ 2023 ਤੋਂ ਬਾਅਦ ਵਿਧਾਨ ਸਭਾ ਸੈਸ਼ਨ ਕਾਗਜ਼ ਰਹਿਤ ਕਰਵਾਏ ਜਾ ਰਹੇ ਹਨ।

70. ਮੇਰੀ ਸਰਕਾਰ ਨੇ 1,367 ਪਸ਼ੂ ਹਸਪਤਾਲਾਂ, 1489 ਪਸ਼ੂ ਡਿਸਪੈਂਸਰੀਆਂ ਦੇ ਆਪਣੇ ਵਿਸ਼ਾਲ ਨੈੱਟਵਰਕ ਰਾਹੀਂ ਪਸ਼ੂ ਪਾਲਕਾਂ ਨੂੰ 4.15 ਮਿਲੀਅਨ ਓ.ਪੀ.ਡੀ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਰਾਜ ਦੇ ਪਸ਼ੂਆਂ ਨੂੰ ਭਿਆਨਕ ਬਿਮਾਰੀਆਂ ਤੋਂ ਬਚਾਅ ਲਈ ਟੀਕਿਆਂ

ਦੀਆਂ 12.85 ਮਿਲੀਅਨ ਖੁਰਾਕਾਂ ਦਿੱਤੀਆਂ ਹਨ। ਐੱਲ.ਐੱਸ.ਡੀ ਟੀਕੇ ਦੀਆਂ 24.28 ਲੱਖ ਖੁਰਾਕਾਂ ਲਗਾਈਆਂ ਗਈਆਂ ਹਨ ਅਤੇ ਵਿਭਾਗ ਨੇ ਅਗਲੇ ਸਾਲ ਲਈ 25 ਲੱਖ ਖੁਰਾਕਾਂ ਖਰੀਦਣ ਦੀ ਯੋਜਨਾ ਬਣਾਈ ਹੈ। ਐੱਫ.ਐੱਮ.ਡੀ. ਟੀਕੇ ਦੀਆਂ 63.22 ਲੱਖ ਖੁਰਾਕਾਂ ਲਗਾਈਆਂ ਗਈਆਂ ਹਨ ਅਤੇ ਵਿਭਾਗ ਨੇ ਅਗਲੇ ਸਾਲ ਲਈ 65 ਲੱਖ ਖੁਰਾਕਾਂ ਖਰੀਦਣ ਦੀ ਯੋਜਨਾ ਬਣਾਈ ਹੈ।

71. ਸਾਲ 2025-26 ਦੌਰਾਨ 30 ਲੱਖ ਪਸ਼ੂਆਂ ਨੂੰ ਮਸਨੂਈ ਗਰਭਧਾਰਨ ਖੁਰਾਕਾਂ ਦੇਣ ਦਾ ਟੀਚਾ ਪੂਰਾ ਕਰਨ ਲਈ ਘਰੋਂ-ਘਰੀ 2.28 ਮਿਲੀਅਨ ਪਸ਼ੂਆਂ ਨੂੰ ਮਸਨੂਈ ਗਰਭਧਾਰਨ ਕਰਵਾਏ ਗਏ ਹਨ। ਪਿਛਲੇ ਸਾਲ, ਉੱਚ ਜੈਨੇਟਿਕ ਸਮਰੱਥਾ ਵਾਲੀਆਂ ਮਾਦਾ ਵੱਛੀਆਂ ਦੇ ਉਤਪਾਦਨ ਲਈ ਫਰੋਜ਼ਨ ਸੈਕਸਡ ਸਾਰਟਿਡ ਵੀਰਜ ਦੀਆਂ 1,75,000 ਖੁਰਾਕਾਂ ਦੀ ਖਰੀਦ ਕੀਤੀ ਗਈ ਹੈ, 50,000 ਖੁਰਾਕਾਂ ਲਈ ਆਰਡਰ ਦਿੱਤਾ ਗਿਆ ਹੈ ਅਤੇ ਸੈਕਸਡ ਵੀਰਜ ਦੀਆਂ ਹੋਰ 1,50,000 ਖੁਰਾਕਾਂ ਖਰੀਦਣ ਦੀ ਤਜਵੀਜ਼ ਪ੍ਰਕਿਰਿਆ ਅਧੀਨ ਹੈ।

72. ਮੇਰੀ ਸਰਕਾਰ ਮੱਛੀ ਪਾਲਣ ਦੇ ਖੇਤਰ ਵਿੱਚ ਸਵੈ-ਰੁਜ਼ਗਾਰ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਇਸ ਟੀਚੇ ਦੀ ਪ੍ਰਾਪਤੀ ਲਈ ਮੱਛੀ ਪਾਲਣ ਵਿਭਾਗ ਵੱਲੋਂ 8524 ਵਿਅਕਤੀਆਂ ਨੂੰ ਮੁਫ਼ਤ ਸਿਖਲਾਈ ਦਿੱਤੀ ਗਈ ਹੈ ਅਤੇ ਸਰਕਾਰੀ ਮੱਛੀ ਫਾਰਮਾਂ ਵਿੱਚ 147.74 ਲੱਖ ਮੱਛੀ ਬੀਜ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ, ਵਿੱਤੀ ਸਾਲ 2024-25 ਦੌਰਾਨ 135 ਲਾਭਪਾਤਰੀਆਂ ਨੂੰ ਕੁੱਲ 452.00 ਲੱਖ ਰੁਪਏ ਦੀਆਂ ਸਬਸਿਡੀਆਂ ਵੰਡੀਆਂ ਗਈਆਂ ਹਨ, ਜਿਸ ਨਾਲ ਵੱਖ-ਵੱਖ ਪ੍ਰੋਜੈਕਟਾਂ ਜਿਵੇਂ ਕਿ ਮੱਛੀ ਅਤੇ ਝੀਂਗਾ ਪਾਲਣ ਦੇ ਵਿਸਤਾਰ, ਮੱਛੀਆਂ ਦੀ ਢੋਆ-ਢੁਆਈ ਅਤੇ ਨਵੀਨਤਮ ਜਲ-ਪਾਲਣ ਪ੍ਰਣਾਲੀਆਂ ਜਿਵੇਂ ਕਿ ਰੀ-ਸਰਕੂਲੇਟਰੀ ਐਕੁਆਕਲਚਰ ਸਿਸਟਮ ਅਤੇ ਬਾਇਓਫਲੋਕ

ਕਲਚਰ ਸਿਸਟਮ ਅਤੇ ਮੱਛੀ ਕੀਓਸਕ ਆਦਿ ਨੂੰ ਹੁਲਾਰਾ ਮਿਲਿਆ ਹੈ। ਖਪਤਕਾਰਾਂ ਨੂੰ ਸਾਫ਼-ਸੁਥਰੀ ਮੱਛੀ ਮੁਹੱਈਆ ਕਰਵਾਉਣ ਲਈ ਵਿੱਤੀ ਸਾਲ 2024-25 ਦੌਰਾਨ ਜ਼ਿਲ੍ਹਾ ਪਟਿਆਲਾ ਦੇ ਪਿੰਡ ਘਲੌੜੀ ਵਿਖੇ ਮੱਛੀਆਂ ਦੀ ਪ੍ਰਚੂਨ ਮੰਡੀ ਦਾ ਉਦਘਾਟਨ ਵੀ ਕੀਤਾ ਗਿਆ ਹੈ।

73. ਸੂਬੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਮੁਹੱਈਆ ਕਰਵਾਉਣ ਲਈ ਡੇਅਰੀ ਸੈਕਟਰ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਚਾਲੂ ਵਿੱਤੀ ਸਾਲ ਦੌਰਾਨ ਲਗਭਗ 3097 ਨਵੇਂ ਡੇਅਰੀ ਯੂਨਿਟ ਸਥਾਪਿਤ ਕੀਤੇ ਗਏ ਹਨ।

74. ਮੇਰੀ ਸਰਕਾਰ ਦੀਆਂ ਕੇਂਦਰਿਤ ਕੋਸ਼ਿਸ਼ਾਂ ਸਦਕਾ ਰਾਜ ਦੀ ਮਾਲੀ ਸਥਿਤੀ ਨੂੰ ਸਥਿਰਤਾ ਅਤੇ ਟਿਕਾਊ ਵਿਕਾਸ ਵੱਲ ਸਫਲਤਾਪੂਰਵਕ ਅੱਗੇ ਵਧਾਇਆ ਹੈ। ਇੱਕ ਮਹੱਤਵਪੂਰਨ ਪ੍ਰਾਪਤੀ ਸਵੈ-ਕਰ ਮਾਲੀਏ ਵਿੱਚ ਦੋ-ਅੰਕੀ ਵਾਧਾ ਹੈ, ਜੋ ਇਸ ਦੀਆਂ ਪ੍ਰਭਾਵਸ਼ਾਲੀ ਰਣਨੀਤੀਆਂ ਅਤੇ ਪ੍ਰਾਪਤੀਆਂ ਨੂੰ ਦਰਸਾਉਂਦਾ ਹੈ। ਮੁੱਖ ਪ੍ਰਾਪਤੀਆਂ ਵਿੱਚ ਸਟੈਂਪਾਂ ਅਤੇ ਰਜਿਸਟ੍ਰੇਸ਼ਨਾਂ ਵਿੱਚ 35% ਵਾਧਾ, ਵਾਹਨਾਂ 'ਤੇ ਟੈਕਸਾਂ ਵਿੱਚ 15% ਵਾਧਾ, ਰਾਜ ਆਬਕਾਰੀ ਡਿਊਟੀ ਵਿੱਚ 14% ਵਾਧਾ ਅਤੇ ਰਾਜ ਦੀ ਜੀ.ਐੱਸ.ਟੀ. ਵਿੱਚ 13% ਦਾ ਵਾਧਾ (ਫਰਵਰੀ 2025 ਤੱਕ) ਸ਼ਾਮਲ ਹਨ।

75. 16ਵੇਂ ਵਿੱਤ ਕਮਿਸ਼ਨ ਦੇ ਸਾਹਮਣੇ ਵਿਸਤ੍ਰਿਤ ਅਤੇ ਧਿਆਨ ਨਾਲ ਤਿਆਰ ਕੀਤਾ ਗਿਆ ਮੈਮੋਰੰਡਮ ਸਫਲਤਾਪੂਰਵਕ ਪੇਸ਼ ਕੀਤਾ ਗਿਆ ਹੈ, ਜੋ ਪਾਰਦਰਸ਼ਤਾ ਅਤੇ ਵਿੱਤੀ ਜ਼ਿੰਮੇਵਾਰੀ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਹ ਪ੍ਰਾਪਤੀ ਰਾਜ ਦੇ ਵੱਖ-ਵੱਖ

ਵਿਭਾਗਾਂ ਤੋਂ ਡੇਟਾ ਦੇ ਵਿਆਪਕ ਸੰਗ੍ਰਹਿ ਅਤੇ ਸੰਕਲਨ ਦੁਆਰਾ ਸੰਭਵ ਹੋਈ, ਜਿਸ ਨਾਲ ਰਾਜ ਦੀ ਵਿੱਤੀ ਸਥਿਤੀ ਦੀ ਵਿਆਪਕ ਅਤੇ ਸਹੀ ਪ੍ਰਤੀਨਿਧਤਾ ਨੂੰ ਯਕੀਨੀ ਬਣਾਇਆ ਗਿਆ। ਇਸ ਮਹੱਤਵਪੂਰਨ ਕੰਮ ਨੂੰ ਮਾਨਤਾ ਦਿੰਦੇ ਹੋਏ, ਰਾਜ ਨੂੰ ਕਮਿਸ਼ਨ ਦੇ ਵਿਸ਼ੇਸ਼ ਮੈਂਬਰਾਂ ਦੀ ਮੇਜ਼ਬਾਨੀ ਕਰਨ ਦਾ ਮਾਣ ਪ੍ਰਾਪਤ ਹੋਇਆ, ਜਿਸ ਨਾਲ ਸਹਿਯੋਗ ਅਤੇ ਆਪਸੀ ਸਮਝ ਦੀ ਭਾਵਨਾ ਪੈਦਾ ਹੋਈ।

76. ਸੁਰੱਖਿਅਤ ਅਤੇ ਪ੍ਰਭਾਵੀ ਵਿੱਤੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਈ-ਵਾਊਚਰ, ਗੈਰ-ਖਜ਼ਾਨਾ ਲੇਖਾ ਮਾਡਿਊਲ ਅਤੇ ਐੱਸ.ਐੱਨ.ਏ ਸਪਰਸ਼ ਮਾਡਿਊਲ ਵਿਕਸਿਤ ਅਤੇ ਲਾਗੂ ਕੀਤੇ ਗਏ ਹਨ ਅਤੇ ਬਿਲਾਂ ਦੀ ਪ੍ਰਮਾਣਿਕਤਾ ਲਈ ਈ-ਸਾਈਨ ਸਹੂਲਤ ਵੀ ਸ਼ਾਮਲ ਕੀਤੀ ਗਈ ਹੈ।

77. ਇਸ ਤੋਂ ਇਲਾਵਾ, ਪੈਨਸ਼ਨ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਅਤੇ ਪੈਨਸ਼ਨਰਾਂ ਨੂੰ ਸੇਵਾ ਪ੍ਰਦਾਨ ਕਰਨ ਲਈ, ਇਸ ਸਾਲ ਦੌਰਾਨ ਆਈ.ਐੱਚ.ਆਰ.ਐੱਮ.ਐੱਸ ਵਿੱਚ ਪੈਨਸ਼ਨ ਸੰਸ਼ੋਧਨ ਮਾਡਿਊਲ ਅਤੇ ਪੈਨਸ਼ਨ ਸੇਵਾ ਪੋਰਟਲ ਨਾਂ ਦਾ ਇੱਕ ਵੱਖਰਾ ਪੋਰਟਲ ਲਾਂਚ ਕੀਤਾ ਗਿਆ ਹੈ।

78. ਮੇਰੀ ਸਰਕਾਰ ਨੇ ਪੰਜਾਬ ਪਬਲਿਕ ਪ੍ਰੋਕਿਓਰਮੈਂਟ ਪਾਰਦਰਸ਼ਤਾ ਐਕਟ ਦੇ ਤਹਿਤ ਰਾਜ ਖਰੀਦ ਪੋਰਟਲ ਲਾਂਚ ਕੀਤਾ ਹੈ, ਜੋ ਵਿਭਾਗਾਂ ਨੂੰ ਆਪਣੀਆਂ ਸਾਲਾਨਾ ਖਰੀਦ ਯੋਜਨਾਵਾਂ ਨੂੰ ਅਪਲੋਡ ਕਰਨ ਦੀ ਸਹੂਲਤ ਦੇਵੇਗਾ। ਇਹ ਪਹਿਲਕਦਮੀ ਹਿੱਸੇਦਾਰਾਂ ਨੂੰ ਆਉਣ ਵਾਲੇ ਪ੍ਰੋਜੈਕਟਾਂ ਬਾਰੇ ਸਪਸ਼ਟ ਜਾਣਕਾਰੀ ਪ੍ਰਦਾਨ ਕਰਦੀ ਹੈ ਅਤੇ ਜਨਤਕ ਖਰੀਦ ਵਿੱਚ

ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਦੀ ਹੈ। ਇਸ ਤੋਂ ਇਲਾਵਾ, ਖਰੀਦ ਯੋਜਨਾਵਾਂ ਨੂੰ ਅਪਲੋਡ ਕਰਨ ਨਾਲ ਵਿਭਾਗਾਂ ਵਿੱਚ ਬਿਹਤਰ ਯੋਜਨਾਬੰਦੀ, ਤਾਲਮੇਲ ਅਤੇ ਸਰੋਤਾਂ ਦੀ ਕੁਸ਼ਲ ਵੰਡ ਯਕੀਨੀ ਬਣੇਗੀ।

79. ਮੇਰੀ ਸਰਕਾਰ ਨੇ ਰਣਨੀਤਕ ਪਹਿਲਕਦਮੀਆਂ ਤਹਿਤ 25 ਫਰਵਰੀ ਨੂੰ ਬਹੁਤ ਹੀ ਦ੍ਰਿੜ੍ਹ ਅਤੇ ਕੇਂਦ੍ਰਿਤ ਢੰਗ ਨਾਲ ਨਸ਼ਿਆਂ ਵਿਰੁੱਧ ਜੰਗ (ਯੁੱਧ ਨਸ਼ਿਆਂ ਵਿਰੁੱਧ) ਮੁਹਿੰਮ ਦੀ ਸ਼ੁਰੂਆਤ ਕਰ ਕੇ ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਵਿਰੁੱਧ ਆਪਣੀ ਲੜਾਈ ਤੇਜ਼ ਕੀਤੀ ਹੈ। ਇਸ ਦ੍ਰਿੜ੍ਹ ਸੰਕਲਪ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸੂਬੇ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਉੱਚ ਪੱਧਰੀ ਕੈਬਨਿਟ ਸਬ-ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਪੂਰੇ ਗਿਰੋਹ ਦੀ ਆਰਥਿਕ ਲੜੀ ਨੂੰ ਤੋੜਨ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਜੜੋਂ ਖਤਮ ਕਰਨ ਲਈ ਅਤੇ ਸੂਬਾ ਸਰਕਾਰ ਦੀ ਦ੍ਰਿੜ੍ਹਤਾ ਦਾ ਸੁਨੇਹਾ ਦੇਣ ਲਈ ਨਸ਼ਾ ਤਸਕਰਾਂ ਦੀਆਂ ਕਈ ਜਾਇਦਾਦਾਂ ਨੂੰ ਢਾਹਿਆ ਗਿਆ ਹੈ। ਸਪੈਸ਼ਲ ਟਾਸਕ ਫੋਰਸ ਨੂੰ ਐਂਟੀ-ਨਾਰਕੋਟਿਕਸ ਟਾਸਕ ਫੋਰਸ ਦੇ ਰੂਪ ਵਿੱਚ ਪੁਨਰਗਠਿਤ ਅਤੇ ਮਜ਼ਬੂਤ ਕੀਤਾ ਗਿਆ ਹੈ, ਜਿਸ ਦੀ ਸਥਾਪਨਾ ਨਸ਼ਾ ਕਾਨੂੰਨਾਂ ਨੂੰ ਲਾਗੂ ਕਰਨ, ਪੀੜਤਾਂ ਦੇ ਮੁੜ ਵਸੇਬੇ ਅਤੇ ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਲਈ ਕੀਤੀ ਗਈ ਸੀ। ਲੋਕਾਂ ਨੂੰ ਜਾਗਰੂਕ ਕਰਨ ਲਈ ਰਾਜ ਭਰ ਵਿੱਚ 33,079 ਜਨ ਜਾਗਰੂਕਤਾ ਮੀਟਿੰਗਾਂ ਕੀਤੀਆਂ ਗਈਆਂ ਅਤੇ ਸਿਰਫ਼ ਚਾਰ ਮਹੀਨਿਆਂ ਵਿੱਚ 19,523 ਗ੍ਰਾਮ ਰੱਖਿਆ ਕਮੇਟੀਆਂ ਦਾ ਗਠਨ ਕੀਤਾ ਗਿਆ। ਨਸ਼ਿਆਂ-ਸਬੰਧਤ ਡੇਟਾ, ਸੰਚਾਰ ਅਤੇ ਵਿੱਤੀ ਲੈਣ-ਦੇਣ ਦਾ ਵਿਸ਼ਲੇਸ਼ਣ ਕਰਨ ਲਈ ਇੱਕ ਵਿਸ਼ੇਸ਼ ਖੁਫੀਆ ਅਤੇ ਤਕਨੀਕੀ ਇਕਾਈ ਵੀ ਸਥਾਪਿਤ ਕੀਤੀ ਗਈ ਹੈ, ਜਿਸ ਨਾਲ ਐਂਟੀ-ਨਾਰਕੋਟਿਕਸ ਟਾਸਕ ਫੋਰਸ ਦੀ

ਪ੍ਰਭਾਵਸ਼ੀਲਤਾ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ। ਐਂਟੀ ਗੈਂਗਸਟਰ ਟਾਸਕ ਫੋਰਸ ਅਤੇ ਫੀਲਡ ਯੂਨਿਟਾਂ ਨੇ ਸੰਗਠਿਤ ਅਪਰਾਧ ਨਾਲ ਨਜਿੱਠਦੇ ਹੋਏ 1,588 ਅਪਰਾਧੀਆਂ ਨੂੰ ਗ੍ਰਿਫਤਾਰ ਕਰਨ, 13 ਗੈਂਗਸਟਰਾਂ ਨੂੰ ਨਕਾਰਾ ਕਰਨ, 571 ਅਪਰਾਧਕ ਗਰੋਹਾਂ ਦਾ ਪਰਦਾਫਾਸ਼ ਕਰਨ ਅਤੇ ਅਪਰਾਧਾਂ ਵਿੱਚ ਵਰਤੇ ਗਏ 1,477 ਹਥਿਆਰ ਅਤੇ 327 ਵਾਹਨ ਬਰਾਮਦ ਕਰਦਿਆਂ ਮਹੱਤਵਪੂਰਨ ਤਰੱਕੀ ਕੀਤੀ ਹੈ।

80. ਪੰਜਾਬ ਦੇ ਲੋਕਾਂ ਦੀ ਸੁਰੱਖਿਆ ਲਈ, ਮੇਰੀ ਸਰਕਾਰ ਨੇ ਰਾਜ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਹਰ ਸੰਭਵ ਪ੍ਰਸ਼ਾਸਕੀ ਅਤੇ ਕਾਨੂੰਨੀ ਉਪਾਅ ਕੀਤੇ ਹਨ। ਮੇਰੀ ਸਰਕਾਰ ਨੇ ਕਾਊਂਟਰ-ਇੰਟੈਲੀਜੈਂਸ, ਸਾਈਬਰ ਅਪਰਾਧ ਰੋਕਥਾਮ ਅਤੇ ਆਧੁਨਿਕੀਕਰਨ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। 1 ਜਨਵਰੀ ਤੋਂ 28 ਨਵੰਬਰ, 2024 ਤੱਕ, ਪੰਜਾਬ ਪੁਲਿਸ ਨੇ ਨੌਂ ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ, ਜਿਸ ਨਾਲ 59 ਗ੍ਰਿਫ਼ਤਾਰੀਆਂ ਹੋਈਆਂ ਹਨ ਅਤੇ ਹਥਿਆਰ ਬਰਾਮਦ ਕੀਤੇ ਗਏ ਹਨ।

81. ਪੰਜਾਬ ਰਾਜ ਸਾਈਬਰ ਅਪਰਾਧ ਡਿਵੀਜ਼ਨ ਸਾਈਬਰ ਖਤਰਿਆਂ ਤੋਂ ਨਿਪਟਾਰਾ ਪਾਉਣ ਲਈ ਲਗਾਤਾਰ ਯਤਨ ਕਰ ਰਿਹਾ ਹੈ, ਜਿਸ ਵਿੱਚ ਪੰਜਾਬ ਵਿੱਚ 28 ਸਾਈਬਰ ਪੁਲਿਸ ਸਟੇਸ਼ਨ ਸਥਾਪਤ ਕਰਨਾ, 24x7 ਸੋਸ਼ਲ ਮੀਡੀਆ ਨਿਗਰਾਨੀ, ਅਤੇ ਸਾਈਬਰ ਮਿੱਤਰ ਚੈਟਬੋਟ ਵਰਗੀਆਂ ਪਹਿਲਕਦਮੀਆਂ ਸ਼ਾਮਲ ਹਨ। ਸਾਲ 2024 ਵਿੱਚ, 6,000 ਤੋਂ ਵੱਧ ਗੈਰ-ਕਾਨੂੰਨੀ ਪੋਸਟਾਂ ਨੂੰ ਹਟਾ ਦਿੱਤਾ ਗਿਆ, ਜਦੋਂ ਕਿ ਸਾਈਬਰ ਧੋਖਾਧੜੀ ਹੈਲਪਲਾਈਨ (1930) ਨੇ ਰੋਜ਼ਾਨਾ 1500 ਤੋਂ ਵੱਧ ਕਾਲਾਂ ਨੂੰ ਸੁਣਿਆ, ਜਿਸ ਨਾਲ 797.18 ਕਰੋੜ ਰੁਪਏ ਦੇ ਨੁਕਸਾਨ ਨੂੰ ਰੋਕਿਆ ਗਿਆ ਅਤੇ ਪੀੜਤਾਂ ਨੂੰ 719.03 ਕਰੋੜ ਰੁਪਏ ਵਾਪਸ

ਕੀਤੇ ਗਏ। ਜਾਗਰੂਕਤਾ ਮੁਹਿੰਮ ਅਤੇ 885 ਪੁਲਿਸ ਅਧਿਕਾਰੀਆਂ ਲਈ ਵਿਸ਼ੇਸ਼ ਸਿਖਲਾਈ ਨਾਲ ਸਾਈਬਰ ਅਪਰਾਧ ਰੋਕਥਾਮ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਮਿਲੀ।

82. ਮੇਰੀ ਸਰਕਾਰ ਸੜਕ ਸੁਰੱਖਿਆ ਅਤੇ ਸੰਕਟਕਾਲੀਨ ਪ੍ਰਤੀਕਿਰਿਆ ਪ੍ਰਣਾਲੀਆਂ ਵਿਚ ਸੁਧਾਰ ਲਿਆਉਣ ਲਈ ਵਚਨਬੱਧ ਹੈ। ਸਾਲ 2023 ਵਿੱਚ, 6,269 ਸੜਕ ਹਾਦਸੇ ਹੋਏ, ਜਿਨ੍ਹਾਂ ਕਾਰਨ 4,829 ਮੌਤਾਂ ਹੋਈਆਂ ਅਤੇ 3,206 ਲੋਕ ਜ਼ਖਮੀ ਹੋਏ। 30 ਸਤੰਬਰ, 2024 ਤੱਕ, ਹਾਦਸਿਆਂ ਦੀ ਗਿਣਤੀ ਘਟ ਕੇ 4,258 ਰਹਿ ਗਈ, ਜਿਨ੍ਹਾਂ ਵਿੱਚ 3,264 ਮੌਤਾਂ ਅਤੇ 2,281 ਜ਼ਖਮੀ ਹੋਏ। ਜਾਗਰੂਕਤਾ ਵਧਾਉਣ ਲਈ 2023 ਵਿੱਚ ਟ੍ਰੈਫਿਕ ਸਿੱਖਿਆ ਸੈੱਲਾਂ ਨੇ ਸਕੂਲਾਂ, ਕਾਲਜਾਂ ਅਤੇ ਆਵਾਜਾਈ ਕੇਂਦਰਾਂ ਵਿੱਚ 11,369 ਅਤੇ 2024 ਵਿੱਚ 8,549 ਸੈਮੀਨਾਰ ਆਯੋਜਿਤ ਕੀਤੇ। ਸਕੂਲੀ ਪਾਠਕ੍ਰਮ ਵਿੱਚ ਟ੍ਰੈਫਿਕ ਸਿੱਖਿਆ ਨੂੰ ਸ਼ਾਮਲ ਕਰਨ ਦੇ ਯਤਨ ਚੱਲ ਰਹੇ ਹਨ।

83. ਪੰਜਾਬ ਵਿਚ ਫਰਵਰੀ 2019 ਤੋਂ ਸੰਕਟਕਾਲੀਨ ਪ੍ਰਤੀਕ੍ਰਿਆ ਸਹਾਇਤਾ ਪ੍ਰਣਾਲੀ ਡਾਇਲ-112 ਚਾਲੂ ਹੈ, ਜੋ ਸੰਕਟ ਦੀ ਸਥਿਤੀ ਵਿਚ ਫੌਰੀ ਸਹਾਇਤਾ ਪ੍ਰਦਾਨ ਕਰਦੀ ਹੈ। ਨਿਰਭਯਾ ਫੰਡਾਂ ਤੋਂ 92.85 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਿਤ, ਇਸ ਪ੍ਰਣਾਲੀ ਵਿੱਚ ਮੋਹਾਲੀ ਵਿਖੇ ਇੱਕ ਕੇਂਦਰੀਕ੍ਰਿਤ ਕਾਲ ਸੈਂਟਰ ਅਤੇ 27 ਜ਼ਿਲ੍ਹਾ ਤਾਲਮੇਲ ਕੇਂਦਰ ਸ਼ਾਮਲ ਹਨ। ਪੰਜਾਬ ਪੁਲਿਸ ਨੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੜਕ ਸੁਰੱਖਿਆ ਅਤੇ ਸੰਕਟਕਾਲੀਨ ਪ੍ਰਤੀਕਿਰਿਆ ਨੂੰ ਵਧਾਉਣ ਦਾ ਕੰਮ ਜਾਰੀ ਰੱਖਿਆ ਹੋਇਆ ਹੈ।

84. ਮੇਰੀ ਸਰਕਾਰ ਸ਼ਹਿਰੀ ਖੇਤਰਾਂ ਵਿੱਚ ਰਹਿਣ ਵਾਲੇ ਨਾਗਰਿਕਾਂ ਦੀ ਭਲਾਈ ਨੂੰ ਪਹਿਲ ਦਿੰਦੀ ਹੈ। ਸ਼ਹਿਰ ਆਰਥਿਕ ਵਿਕਾਸ ਦੇ ਅਸਲ ਇੰਜਣ ਵੀ ਹਨ ਅਤੇ ਸਾਡਾ ਮੁੱਖ ਯਤਨ

ਸ਼ਹਿਰੀ ਬੁਨਿਆਦੀ ਢਾਂਚੇ ਵਿਚ ਸੁਧਾਰ ਕਰਨਾ ਅਤੇ ਰਾਜ ਦੇ ਕਸਬਿਆਂ ਦੇ ਵਸਨੀਕਾਂ ਨੂੰ ਬੁਨਿਆਦੀ ਸੇਵਾਵਾਂ ਪ੍ਰਦਾਨ ਕਰਨਾ ਹੈ।

85. ਸਾਲ ਦੌਰਾਨ 5 ਨਗਰ ਨਿਗਮਾਂ ਸਮੇਤ 49 ਸ਼ਹਿਰੀ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਹੋਈਆਂ ਹਨ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਨਵੇਂ ਚੁਣੇ ਗਏ ਕੌਂਸਲਰ ਆਪਣੇ ਸਬੰਧਤ ਮੇਅਰਾਂ ਅਤੇ ਪ੍ਰਧਾਨਾਂ ਨਾਲ ਮਿਲ ਕੇ ਸਾਡੇ ਸ਼ਹਿਰਾਂ ਦੇ ਸਮੁੱਚੇ ਸੁਧਾਰ ਅਤੇ ਚੰਗੇ ਸ਼ਹਿਰੀ ਸ਼ਾਸਨ ਲਈ ਕੰਮ ਕਰਨਗੇ।

86. ਧਰਤੀ ਹੇਠਲੇ ਪਾਣੀ ਦੇ ਘਟਦੇ ਪੱਧਰ 'ਤੇ ਨਿਰਭਰਤਾ ਨੂੰ ਘਟਾਉਣ ਲਈ ਅੰਮ੍ਰਿਤਸਰ ਵਿਖੇ 784 ਕਰੋੜ ਰੁਪਏ ਦੀ ਲਾਗਤ ਨਾਲ 440 ਐੱਮ.ਐੱਲ.ਡੀ. ਸਮਰੱਥਾ ਦਾ ਸਤਹੀ ਪਾਣੀ ਅਧਾਰਤ ਵਾਟਰ ਟ੍ਰੀਟਮੈਂਟ ਪਲਾਂਟ ਨਿਰਮਾਣ ਦੇ ਅਗਲੇ ਪੜਾਅ 'ਤੇ ਹੈ। ਲੁਧਿਆਣਾ ਵਿੱਚ ਵਿਸ਼ਵ ਬੈਂਕ-ਏ.ਆਈ.ਆਈ.ਬੀ. ਦੁਆਰਾ 1546 ਕਰੋੜ ਰੁਪਏ ਦੀ ਲਾਗਤ ਨਾਲ 580 ਐੱਮ.ਐੱਲ.ਡੀ. ਡਬਲਯੂ.ਟੀ.ਪੀ. ਦੀ ਉਸਾਰੀ ਪਿਛਲੇ ਸਾਲ ਸ਼ੁਰੂ ਕੀਤੀ ਗਈ ਸੀ। ਜਲੰਧਰ ਅਤੇ ਪਟਿਆਲਾ ਵਿੱਚ ਬਲਕ ਵਾਟਰ ਸਪਲਾਈ ਪ੍ਰਾਜੈਕਟ ਵੀ ਸਾਲ ਦੇ ਅੰਤ ਤੱਕ ਪੂਰੇ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਰਾਜ ਦੇ 84 ਕਸਬਿਆਂ ਨੂੰ ਵੀ 2246 ਕਰੋੜ ਰੁਪਏ ਦੀਆਂ ਸਤਹੀ ਜਲ ਸਪਲਾਈ ਸਕੀਮਾਂ ਦੇ ਅੰਤਰਗਤ ਸ਼ਾਮਲ ਕੀਤਾ ਜਾ ਰਿਹਾ ਹੈ। 24 ਕਸਬਿਆਂ ਵਿੱਚ ਕੰਮਾਂ ਦੇ ਟੈਂਡਰ ਕੱਢੇ ਜਾ ਚੁੱਕੇ ਹਨ, ਜਦੋਂ ਕਿ ਬਾਕੀ ਕੰਮ ਟੈਂਡਰ ਦੇ ਵੱਖ-ਵੱਖ ਪੜਾਵਾਂ 'ਤੇ ਹਨ।

87. ਸਿਹਤਮੰਦ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਅਤੇ ਪਾਣੀ ਪ੍ਰਦੂਸ਼ਣ ਨੂੰ ਘਟਾਉਣ ਲਈ, ਮੇਰੀ ਸਰਕਾਰ ਰਾਜ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟ ਦੀ ਸਥਾਪਿਤ ਸਮਰੱਥਾ ਨੂੰ 376

ਐੱਮ.ਐੱਲ.ਡੀ. ਤੱਕ ਵਧਾਉਣ ਲਈ ਸਖ਼ਤ ਮਿਹਨਤ ਕਰ ਰਹੀ ਹੈ। ਇਨ੍ਹਾਂ ਵਿੱਚੋਂ 174 ਐੱਮ.ਐੱਲ.ਡੀ. ਦੀ ਸਮਰੱਥਾ ਵਾਲੇ 42 ਐੱਸ.ਟੀ.ਪੀ. ਵਰਤਮਾਨ ਵਿਚ ਉਸਾਰੀ ਅਧੀਨ ਹਨ, ਜਿਨ੍ਹਾਂ ਤੇ ਲਗਭਗ 400 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਇਨ੍ਹਾਂ ਦੀ ਉਸਾਰੀ ਆਉਣ ਵਾਲੇ 1-2 ਸਾਲਾਂ ਵਿਚ ਪੂਰੀ ਹੋ ਜਾਵੇਗੀ। ਇਸ ਤੋਂ ਇਲਾਵਾ, 250 ਕਰੋੜ ਰੁਪਏ ਦੀ ਲਾਗਤ ਨਾਲ 20 ਹੋਰ ਕਸਬਿਆਂ ਨੂੰ ਪਾਈਪਾਂ ਵਾਲੇ ਸੀਵਰੇਜ ਨਾਲ ਕਵਰ ਕੀਤਾ ਜਾ ਰਿਹਾ ਹੈ। ਸੀਵਰੇਜ ਲਾਈਨਾਂ ਦੀ ਸਫਾਈ ਲਈ ਯੂ.ਐੱਲ.ਬੀ. ਦੀ ਸਮਰੱਥਾ ਨੂੰ ਮਜ਼ਬੂਤ ਕਰਨ ਲਈ, ਰਾਜ ਸਰਕਾਰ ਨੇ 39.55 ਕਰੋੜ ਰੁਪਏ ਦੀ ਲਾਗਤ ਨਾਲ ਵਿਭਿੰਨ ਯੂ.ਐੱਲ.ਬੀ. ਲਈ 730 ਮਸ਼ੀਨਾਂ ਖਰੀਦੀਆਂ ਹਨ।

88. ਰਾਜ ਦੇ ਵੱਡੇ ਸ਼ਹਿਰਾਂ ਵਿੱਚ ਜ਼ੀਰੋ ਐਮਿਸ਼ਨ ਦੇ ਨਾਲ ਕੁਸ਼ਲ ਜਨਤਕ ਆਵਾਜਾਈ ਪ੍ਰਣਾਲੀ ਉਪਲਬਧ ਕਰਵਾਉਣ ਲਈ, ਮੇਰੀ ਸਰਕਾਰ ਆਉਣ ਵਾਲੇ ਮਹੀਨਿਆਂ ਵਿੱਚ ਪ੍ਰਮੁੱਖ ਸ਼ਹਿਰਾਂ, ਜਿਵੇਂ ਕਿ ਅੰਮ੍ਰਿਤਸਰ (100), ਜਲੰਧਰ (97), ਲੁਧਿਆਣਾ (100) ਅਤੇ ਪਟਿਆਲਾ (50) ਵਿੱਚ 347 ਈ-ਬੱਸਾਂ ਸ਼ੁਰੂ ਕਰੇਗੀ। ਇਸ ਨਾਲ ਜਨਤਕ ਆਵਾਜਾਈ ਪ੍ਰਣਾਲੀ ਵਿੱਚ ਸੁਧਾਰ ਹੋਵੇਗਾ ਅਤੇ ਨਿੱਜੀ ਆਵਾਜਾਈ ਦੇ ਸਾਧਨਾਂ 'ਤੇ ਨਿਰਭਰਤਾ ਘਟੇਗੀ। ਇਸ ਤੋਂ ਇਲਾਵਾ, ਮੇਰੀ ਸਰਕਾਰ ਨੇ ਚੰਡੀਗੜ੍ਹ ਦੇ ਟ੍ਰਾਈ-ਸਿਟੀ ਦੇ ਹਿੱਸੇ ਵਜੋਂ ਐੱਸ.ਏ.ਐੱਸ ਨਗਰ (ਮੋਹਾਲੀ) ਕਲੱਸਟਰ ਵਿੱਚ ਇਲੈਕਟ੍ਰਿਕ ਸਿਟੀ ਬੱਸ ਸੇਵਾ ਸ਼ੁਰੂ ਕਰਨ ਦੀ ਵੀ ਤਜਵੀਜ਼ ਰੱਖੀ ਹੈ।

89. ਰਾਜ ਦੇ ਸ਼ਹਿਰੀ ਸਥਾਨਕ ਠੋਸ ਰਹਿੰਦ-ਖੂੰਹਦ ਨੂੰ ਘਰੋ-ਘਰੀ ਚੁੱਕਣ ਅਤੇ ਇਸ ਨੂੰ ਵੱਖਰਾ ਕਰਨਾ ਅਤੇ ਪ੍ਰੋਸੈਸਿੰਗ ਦੇ ਨਾਲ-ਨਾਲ ਪੁਰਾਣੇ ਕੂੜੇ ਦੇ ਨਿਪਟਾਰੇ ਲਈ ਵੀ ਕੰਮ ਕਰ ਰਹੇ ਹਨ। ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ, **'ਰਾਹੀ'** ਸਕੀਮ

ਅਧੀਨ 1200 ਪੁਰਾਣੇ ਡੀਜ਼ਲ ਆਟੋ-ਰਿਕਸ਼ਾ ਦੀ ਥਾਂ ’ਤੇ ਨਵੇਂ ਇਲੈਕਟ੍ਰਿਕ ਆਟੋ ਚਲਾਏ ਗਏ ਹਨ। ਇਸ ਤੋਂ ਇਲਾਵਾ, ਸ਼ਹਿਰ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਲਈ, ਮਹਿਲਾ ਲਾਭਪਾਤਰੀਆਂ ਨੂੰ 90% ਸਬਸਿਡੀ ਦਰ ’ਤੇ 200 ਪਿੰਕ ਈ-ਆਟੋ ਵੀ ਦਿੱਤੇ ਗਏ ਹਨ।

90. ਮੇਰੀ ਸਰਕਾਰ ਨੇ ਹਥਿਆਰਬੰਦ ਬਲਾਂ ਦੇ ਵਿਸ਼ੇਸ਼ ਪੁਰਸਕਾਰ ਜੇਤੂਆਂ ਨੂੰ ਮਾਸਿਕ ਭੱਤੇ ਦੀ ਥਾਂ 'ਤੇ 27.08.2024 ਤੋਂ ਯਕਮੁਸ਼ਤ ਗ੍ਰਾਂਟ ਦੇਣ ਦੀ ਨੀਤੀ ਲਿਆਂਦੀ ਹੈ ਅਤੇ ਯੁੱਧ ਜਾਗੀਰ ਲਾਭਪਾਤਰੀਆਂ ਲਈ ਸਾਲਾਨਾ ਵਿੱਤੀ ਸਹਾਇਤਾ ਨੂੰ ਮਿਤੀ 08.10.2024 ਤੋਂ 10,000/- ਰੁਪਏ ਤੋਂ ਵਧਾ ਕੇ 20,000/- ਰੁਪਏ ਕਰਨ ਲਈ ਪੂਰਬੀ ਪੰਜਾਬ ਯੁੱਧ ਪੁਰਸਕਾਰ ਐਕਟ, 1945 ਵਿੱਚ ਸੋਧ ਕੀਤੀ ਹੈ।

91. ਰਾਜ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਉਤਸ਼ਾਹਿਤ ਕਰਨ ਲਈ ਮੇਰੀ ਸਰਕਾਰ ਦੁਆਰਾ ਵੱਖ-ਵੱਖ ਤਿਉਹਾਰਾਂ ਅਤੇ ਮੇਲਿਆਂ ਨੂੰ ਮਨਾਉਣ ਲਈ ਸਾਲਾਨਾ ਕੈਲੰਡਰ ਤਿਆਰ ਕੀਤਾ ਗਿਆ ਹੈ। ਸ੍ਰੀ ਮੁਕਤਸਰ ਸਾਹਿਬ ਵਿਖੇ ਤੀਜ ਤਿਉਹਾਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਇਨਕਲਾਬ ਤਿਉਹਾਰ, ਚੰਡੀਗੜ੍ਹ ਵਿਖੇ ਮਿਲਟਰੀ ਸਾਹਿਤ ਤਿਉਹਾਰ, ਪਟਿਆਲਾ ਵਿਖੇ ਵਿਰਾਸਤੀ ਤਿਉਹਾਰ ਸਥਾਨਕ ਲੋਕਾਂ ਦੁਆਰਾ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਏ ਗਏ ।

92. ਮੈਨੂੰ ਇਹ ਦੱਸਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਮੇਰੀ ਸਰਕਾਰ ਨੇ 32.78 ਕਰੋੜ ਰੁਪਏ ਦੀ ਲਾਗਤ ਨਾਲ ਰਾਮ ਤੀਰਥ ਸਥਲ, ਅੰਮ੍ਰਿਤਸਰ ਵਿਖੇ ਭਗਵਾਨ ਵਾਲਮੀਕਿ ਪੈਨੋਰਮਾ ਨਾਮੀਂ ਅਤਿ-ਆਧੁਨਿਕ ਅਜਾਇਬ ਘਰ ਦੀ ਸਥਾਪਨਾ ਕੀਤੀ ਹੈ, ਜੋ ਆਧੁਨਿਕ ਤਕਨਾਲੋਜੀ ਰਾਹੀਂ ਭਗਵਾਨ ਵਾਲਮੀਕਿ ਜੀ ਦੇ ਜੀਵਨ ਅਤੇ ਯੋਗਦਾਨ ਨੂੰ ਦਰਸਾਉਂਦਾ ਹੈ।

93. ਰਾਜ ਦੇ ਸੈਰ-ਸਪਾਟੇ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਹੋਰ ਉਤਸ਼ਾਹ ਦੇਣ ਦੇ ਉਦੇਸ਼ ਨਾਲ, ਮੇਰੀ ਸਰਕਾਰ ਨੇ ਆਉਣ ਵਾਲੇ ਵਿੱਤੀ ਸਾਲ ਵਿੱਚ ਹੁਸੈਨੀਵਾਲਾ ਸਰਹੱਦ ਅਤੇ ਸ੍ਰੀ ਆਨੰਦਪੁਰ ਸਾਹਿਬ, ਰੂਪਨਗਰ ਵਿਖੇ ਲਗਭਗ 25-25 ਕਰੋੜ ਰੁਪਏ ਦੀ ਲਾਗਤ ਨਾਲ ਪ੍ਰੋਜੈਕਟ ਦੀ ਯੋਜਨਾ ਬਣਾਈ ਹੈ।

94. ਮੇਰੀ ਸਰਕਾਰ ਨੇ ਆਦਮਪੁਰ ਵਿਖੇ 154 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਅਤਿ-ਆਧੁਨਿਕ ਹਵਾਈ ਟਰਮੀਨਲ ਦੀ ਉਸਾਰੀ ਸਫਲਤਾਪੂਰਵਕ ਪੂਰੀ ਕਰ ਲਈ ਹੈ। ਨਵੇਂ ਟਰਮੀਨਲ ਨੇ ਯਾਤਰੀਆਂ ਦੇ ਆਉਣ-ਜਾਣ ਲਈ 150 ਯਾਤਰੀਆਂ ਤੱਕ ਦੀ ਯਾਤਰੀ ਸਮਰੱਥਾ ਵਧਾ ਦਿੱਤੀ ਹੈ ਅਤੇ ਹੁਣ ਇਹ ਪੂਰੀ ਤਰ੍ਹਾਂ ਕਾਰਜਸ਼ੀਲ ਹੈ। ਹਿੰਡਨ (ਗਾਜ਼ੀਆਬਾਦ), ਨਾਂਦੇੜ ਅਤੇ ਬੰਗਲੌਰ ਸਮੇਤ ਮੁੱਖ ਸਥਾਨਾਂ ਲਈ ਉਡਾਣਾਂ ਸ਼ੁਰੂ ਹੋ ਗਈਆਂ ਹਨ।

95. ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਉਸਾਰੀ ਦਾ ਕਾਰਜ ਤੇਜ਼ੀ ਨਾਲ ਚੱਲ ਰਿਹਾ ਹੈ, ਅੰਤਰਿਮ ਟਰਮੀਨਲ ਇਮਾਰਤ ਦਾ 90% ਕੰਮ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ। ਮੇਰੀ ਸਰਕਾਰ ਨੇ ਟਰਮੀਨਲ ਅਤੇ ਸੜਕ ਸੰਪਰਕ ਦੀ ਉਸਾਰੀ ਵਿੱਚ 50 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ। ਪੰਜਾਬ ਵਿਧਾਨ ਸਭਾ ਨੇ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਣ ਲਈ ਇੱਕ ਤਜਵੀਜ਼ ਪਾਸ ਕੀਤੀ ਹੈ ਅਤੇ ਇਸ ਤਜਵੀਜ਼ ਨੂੰ ਭਾਰਤ ਸਰਕਾਰ ਨੇ ਨਾਗਰਿਕ ਹਵਾਬਾਜ਼ੀ ਮੰਤਰਾਲੇ ਨੂੰ ਭੇਜ ਦਿੱਤਾ ਹੈ। ਇਸ ਹਵਾਈ ਅੱਡੇ ਦੇ ਜੂਨ 2025 ਤੱਕ ਚਾਲੂ ਹੋਣ ਦੀ ਉਮੀਦ ਹੈ ਅਤੇ ਇਹ ਖੇਤਰੀ ਉਦਯੋਗਿਕ ਵਿਕਾਸ ਨੂੰ ਬਿਹਤਰ ਬਣਾਉਣ ਅਤੇ ਹਵਾਈ ਸੰਪਰਕ ਨੂੰ ਵਧਾਉਣ ਵਿੱਚ ਮੁੱਖ ਭੂਮਿਕਾ ਨਿਭਾਏਗਾ।

96. ਮੇਰੀ ਸਰਕਾਰ ਨੇ 15 ਸਾਲ ਤੋਂ ਪੁਰਾਣੇ ਵਾਹਨਾਂ ਨੂੰ ਖਾਰਜ ਕਰਨ ਲਈ ਪੰਜ ਰਜਿਸਟਰਡ ਵਾਹਨ ਸਕ੍ਰੈਪਿੰਗ ਸਹੂਲਤਾਂ ਸਥਾਪਤ ਕੀਤੀਆਂ ਹਨ। ਇਸ ਨਾਲ ਪੁਰਾਣੇ ਵਾਹਨਾਂ ਕਾਰਨ ਹੋਣ ਵਾਲਾ ਪ੍ਰਦੂਸ਼ਣ ਘੱਟ ਜਾਵੇਗਾ ਅਤੇ ਅਣਉਚਿਤ ਵਾਹਨਾਂ ਨੂੰ ਸੜਕ ਤੋਂ ਹਟਾ ਦਿੱਤਾ ਜਾਵੇਗਾ।

97. ਮੇਰੀ ਸਰਕਾਰ ਨਾਗਰਿਕਾਂ ਨੂੰ ਡਰਾਈਵਿੰਗ ਲਾਇਸੈਂਸ ਅਤੇ ਰਜਿਸਟ੍ਰੇਸ਼ਨ ਸਰਟੀਫਿਕੇਟ ਆਦਿ ਨਾਲ ਸਬੰਧਤ 50 ਤਰ੍ਹਾਂ ਦੀਆਂ ਸਮਾਰਟ ਸੇਵਾਵਾਂ ਪੂਰੀ ਤਰ੍ਹਾਂ ਆੱਨਲਾਈਨ ਮੋਡ ਰਾਹੀਂ ਪ੍ਰਦਾਨ ਕਰ ਰਹੀ ਹੈ। ਅੱਠ ਹੋਰ ਸੇਵਾਵਾਂ ਲਾਗੂਕਰਨ ਦੇ ਉੱਨਤ ਪੜਾਅ ਵਿੱਚ ਹਨ। ਵਾਹਨਾਂ ਦੀ ਫਿਟਨੈੱਸ ਜਾਂਚ ਆੱਨਲਾਈਨ ਮੋਡ ਰਾਹੀਂ ਜੀਓ-ਟੈਗਿੰਗ ਨਾਲ ਨਿਰਧਾਰਤ ਸਥਾਨ 'ਤੇ ਤਸਵੀਰਾਂ ਦੇ ਨਾਲ ਕੀਤੀ ਜਾਂਦੀ ਹੈ। ਵਿਭਾਗ ਵੱਲੋਂ ਈ-ਚਲਾਨ ਮਸ਼ੀਨਾਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਯੂਪੀਆਈ/ ਕ੍ਰੈਡਿਟ ਕਾਰਡ/ ਡੈਬਿਟ ਕਾਰਡ ਦੇ ਮਾਧਿਅਮ ਨਾਲ ਮੌਕੇ 'ਤੇ ਹੀ ਕੰਪਾਊਂਡਿੰਗ ਫੀਸ ਦਾ ਭੁਗਤਾਨ ਕੀਤਾ ਜਾ ਸਕਦਾ ਹੈ। ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਡਰਾਈਵਿੰਗ ਲਾਇਸੈਂਸ ਦੀ ਡਿਲਿਵਰੀ ਘਰ-ਘਰ ਜਾ ਕੇ ਕੀਤੀ ਜਾ ਰਹੀ ਹੈ।

98. ਮੇਰੀ ਸਰਕਾਰ ਆਪਣੇ ਨਾਗਰਿਕਾਂ ਨੂੰ ਇੱਕ ਚੰਗਾ ਸੜਕੀ ਨੈੱਟਵਰਕ ਪ੍ਰਦਾਨ ਕਰਨ ਲਈ ਵਚਨਬੱਧ ਹੈ, ਜਿਸ ਦੇ ਤਹਿਤ ਮੌਜੂਦਾ ਸੜਕਾਂ ਨੂੰ ਅੱਪਗ੍ਰੇਡ ਕੀਤਾ ਜਾਵੇਗਾ, ਨਵੀਆਂ ਸੜਕਾਂ ਦੀ ਯੋਜਨਾ ਬਣਾਈ ਜਾਵੇਗੀ ਅਤੇ ਰਹਿ ਗਈਆਂ ਲਿੰਕ ਸੜਕਾਂ ਦੀ ਪਛਾਣ ਕੀਤੀ ਜਾਵੇਗੀ। ਵਿੱਤੀ ਸਾਲ 2025-26 ਦੇ ਤਹਿਤ, 2579 ਕਿਲੋਮੀਟਰ ਯੋਜਨਾਬੱਧ ਸੜਕਾਂ ਦੀ ਉਸਾਰੀ/ਅੱਪਗ੍ਰੇਡੇਸ਼ਨ 'ਤੇ 2097 ਕਰੋੜ ਰੁਪਏ ਅਤੇ 136 ਨਵੇਂ ਅਤੇ 29 ਨਿਰਮਾਣ ਅਧੀਨ ਪੁਲਾਂ ਦੀ ਉਸਾਰੀ 'ਤੇ 967 ਕਰੋੜ ਰੁਪਏ ਖਰਚ ਕਰਨ ਦੀ ਯੋਜਨਾ ਹੈ। ਇਸੇ

ਤਰ੍ਹਾਂ ਮੇਰੀ ਸਰਕਾਰ ਨੇ 1298 ਕਿਲੋਮੀਟਰ ਲੰਬੀਆਂ ਸੜਕਾਂ ਦੀ ਅਪਗ੍ਰੇਡੇਸ਼ਨ 'ਤੇ 600 ਕਰੋੜ ਰੁਪਏ ਖਰਚ ਕਰਨ ਦੀ ਯੋਜਨਾ ਬਣਾਈ ਹੈ।

99. ਰਾਸ਼ਟਰੀ ਰਾਜਮਾਰਗਾਂ ਦੀਆਂ 70 ਕਿਲੋਮੀਟਰ ਲੰਬੀਆਂ ਸੜਕਾਂ ਨੂੰ 300 ਕਰੋੜ ਰੁਪਏ ਦੀ ਲਾਗਤ ਨਾਲ ਅੱਪਗ੍ਰੇਡ ਕਰਨ ਦੀ ਯੋਜਨਾ ਹੈ।

100. ਮੇਰੀ ਸਰਕਾਰ ਨੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦਾ ਵਾਅਦਾ ਕੀਤਾ ਸੀ ਅਤੇ ਭ੍ਰਿਸ਼ਟਾਚਾਰ ਖਿਲਾਫ ਜ਼ੀਰੋ ਟਾੱਲਰੈਂਸ ਦੀ ਨੀਤੀ ਅਪਣਾਈ। ਅਸੀਂ ਪੰਜਾਬ ਦੇ ਲੋਕਾਂ ਵਾਸਤੇ ਨਾਗਰਿਕ ਪੱਖੀ ਅਤੇ ਪਾਰਦਰਸ਼ੀ ਸ਼ਾਸਨ ਦਾ ਵਾਅਦਾ ਕੀਤਾ ਸੀ। ਇਸ ਦੀ ਪਾਲਣਾ ਕਰਦੇ ਹੋਏ, ਰਾਜ ਵਿਜੀਲੈਂਸ ਬਿਊਰੋ, ਪੰਜਾਬ ਨੇ 16-03-2022 ਤੋਂ 28-02-2025 ਦੀ ਮਿਆਦ ਦੌਰਾਨ, ਪੀਸੀ ਐਕਟ 1988 (ਸੋਧਿਆ) 2018 ਦੇ ਤਹਿਤ ਵੱਖ-ਵੱਖ ਪੱਧਰਾਂ ਦੇ 485 ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਅਤੇ ਪ੍ਰਾਈਵੇਟ ਵਿਅਕਤੀਆਂ ਵਿਰੁੱਧ 359 ਮਾਮਲੇ ਦਰਜ ਕੀਤੇ ਹਨ, ਜਿਨ੍ਹਾਂ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ ਸੀ। ਇਸ ਤੋਂ ਇਲਾਵਾ, ਭਾਰਤੀ ਦੰਡ ਸੰਘਤਾ ਅਤੇ ਭਾਰਤੀ ਨਿਆਏ ਸੰਹਿਤਾ ਅਧੀਨ ਆਰਥਿਕ ਅਪਰਾਧਾਂ ਨਾਲ ਸਬੰਧਤ 386 ਅਪਰਾਧਕ ਮਾਮਲੇ ਦਰਜ ਕੀਤੇ ਗਏ ਹਨ ਜਿਨ੍ਹਾਂ ਵਿੱਚ ਵੱਖ-ਵੱਖ ਪੱਧਰਾਂ ਦੇ 957 ਸਰਕਾਰੀ ਅਧਿਕਾਰੀ/ਕਰਮਚਾਰੀ ਅਤੇ ਪ੍ਰਾਈਵੇਟ ਵਿਅਕਤੀ ਸ਼ਾਮਲ ਹਨ। ਰਾਜ ਵਿਜੀਲੈਂਸ ਬਿਊਰੋ ਨੇ ਇਨ੍ਹਾਂ ਮਾਮਲਿਆਂ ਵਿੱਚ 826 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ 132 ਮੁਲਜ਼ਮਾਂ ਨੂੰ ਮੁਜਰਿਮ ਕਰਾਰ ਦਿੱਤਾ ਹੈ।

101. ਮੇਰੀ ਸਰਕਾਰ ਨੇ ਅਣਅਧਿਕਾਰਤ ਕਲੋਨੀਆਂ ਵਿੱਚ ਪਲਾਟ ਖਰੀਦਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ, ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ ਵਿੱਚ ਸੋਧ ਕਰ ਕੇ ਉਹਨਾਂ ਨੂੰ ਬਿਨਾਂ ਐੱਨ.ਓ.ਸੀ. ਪ੍ਰਾਪਤ ਕੀਤੇ ਆਪਣੇ ਪਲਾਟ ਰਜਿਸਟਰਡ

ਕਰਵਾਉਣ ਦਾ ਮੌਕਾ ਦਿੱਤਾ ਹੈ। ਇਸ ਸਕੀਮ ਤਹਿਤ ਅਪਲਾਈ ਕਰਨ ਦੀ ਆਖਰੀ ਮਿਤੀ 28 ਫਰਵਰੀ, 2025 ਸੀ, ਜਿਸ ਨੂੰ ਹੁਣ ਜਨਤਕ ਮੰਗ 'ਤੇ ਵਧਾ ਕੇ 31 ਅਗਸਤ, 2025 ਕਰ ਦਿੱਤਾ ਗਿਆ ਹੈ। ਨਾਲ ਹੀ, ਅਣਅਧਿਕਾਰਤ ਉਸਾਰੀ ਨੂੰ ਰੋਕਣ ਲਈ, ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ ਵਿੱਚ ਇੱਕ ਹੋਰ ਸੋਧ ਕਰਕੇ ਅਣਅਧਿਕਾਰਤ ਕਲੋਨੀਆਂ ਵਿਕਸਤ ਕਰਨ ਵਾਲੇ ਪ੍ਰਮੋਟਰਾਂ ਲਈ ਸਜ਼ਾ ਅਤੇ ਜੁਰਮਾਨੇ ਵਿੱਚ ਵਾਧਾ ਕੀਤਾ ਗਿਆ ਹੈ।

102. ਮੇਰੀ ਸਰਕਾਰ ਨੇ ਉਹਨਾਂ ਪਲਾਟ ਧਾਰਕਾਂ ਨੂੰ ਮੌਕਾ ਪ੍ਰਦਾਨ ਕਰਦੇ ਹੋਏ ਐਮਨੈਸਟੀ ਪਾਲਿਸੀ-2025 ਸ਼ੁਰੂ ਕੀਤੀ ਹੈ ਜੋ ਆਪਣੀਆਂ ਬਕਾਇਆ ਕਿਸ਼ਤਾਂ ਜਮ੍ਹਾਂ ਨਹੀਂ ਕਰਵਾ ਸਕੇ ਹਨ ਜਾਂ ਨਿਰਧਾਰਿਤ ਸਮੇਂ ਵਿੱਚ ਉਸਾਰੀ ਨੂੰ ਪੂਰਾ ਨਹੀਂ ਕਰ ਸਕੇ ਹਨ ਜਾਂ ਗੈਰ-ਉਸਾਰੀ ਫੀਸ ਜਮ੍ਹਾਂ ਨਹੀਂ ਕਰਵਾ ਸਕੇ। ਅਜਿਹੇ ਅਲਾਟੀ ਹੁਣ ਬਿਨਾਂ ਕਿਸੇ ਜੁਰਮਾਨੇ ਦੇ ਆਪਣੀ ਬਕਾਇਆ ਰਕਮ ਸਕੀਮ ਦੇ ਵਿਆਜ ਸਮੇਤ ਯਕਮੁਸ਼ਤ ਜਮ੍ਹਾਂ ਕਰਵਾ ਸਕਦੇ ਹਨ। ਇਸ ਨਾਲ ਗ਼ੈਰ-ਉਸਾਰੀ ਖਰਚਿਆਂ ਦੀ ਬਕਾਇਆ ਰਕਮ ਦਾ 50% ਮੁਆਫ ਕਰ ਦਿੱਤਾ ਗਿਆ ਹੈ।

103. ਮੇਰੀ ਸਰਕਾਰ ਪੰਜਾਬ ਰਾਜ ਵਿੱਚ ਸ਼ਹਿਰਾਂ/ਕਸਬਿਆਂ ਦੇ ਯੋਜਨਾਬੱਧ ਵਿਕਾਸ ਲਈ ਮਾਸਟਰ ਪਲਾਨ/ਵਿਕਾਸ ਯੋਜਨਾਵਾਂ ਤਿਆਰ ਕਰ ਰਹੀ ਹੈ। ਹੁਣ ਤੱਕ ਅਸੀਂ ਰਾਜ ਦੇ 214 ਸ਼ਹਿਰਾਂ/ਕਸਬਿਆਂ ਨੂੰ ਕਵਰ ਕਰਦੇ ਹੋਏ 117 ਸਥਾਨਕ ਯੋਜਨਾ ਖੇਤਰਾਂ ਨੂੰ ਅਧਿਸੂਚਿਤ ਕੀਤਾ ਹੈ। 24 ਹੋਰ ਸਥਾਨਕ ਯੋਜਨਾ ਖੇਤਰਾਂ ਨੂੰ ਅਧਿਸੂਚਿਤ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ।

104. ਨਾਗਰਿਕਾਂ ਨੂੰ ਹਰ ਸੰਭਵ ਸਹੂਲਤ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਪੂਰਾ ਕਰਦੇ ਹੋਏ ਵਿਭਾਗ ਨੇ 1043 ਕਰੋੜ ਰੁਪਏ ਦੇ ਪ੍ਰੋਜੈਕਟ ਮੁਕੰਮਲ ਕੀਤੇ ਹਨ ਅਤੇ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਹਨ। ਇਹ ਮੌਜੂਦਾ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗਾ। ਜ਼ਮੀਨੀ ਉਪਯੋਗ ਵਿੱਚ ਤਬਦੀਲੀ ਦੀ ਇਜਾਜ਼ਤ ਨੂੰ ਕਲੋਨੀ ਦੇ ਲੇਆਉਟ ਪਲਾਨ, ਬਿਲਡਿੰਗ ਪਲਾਨ ਅਤੇ ਲਾਇਸੈਂਸ ਦੀ ਮਨਜ਼ੂਰੀ ਨਾਲ ਜੋੜ ਦਿੱਤਾ ਗਿਆ ਹੈ। ਇਸ ਨਾਲ ਉਸਾਰੀ ਪਰਮਿਟ ਜਾਰੀ ਕਰਨ ਦਾ ਸਮਾਂ ਘਟ ਗਿਆ ਹੈ ਜਿਸ ਨਾਲ ਨਿਵੇਸ਼ਕ ਘੱਟ ਤੋਂ ਘੱਟ ਸਮੇਂ ਵਿੱਚ ਕਾਰੋਬਾਰ ਸ਼ੁਰੂ ਕਰ ਸਕਦੇ ਹਨ।

105. ਕਾਰੋਬਾਰ ਕਰਨ ਵਿੱਚ ਅਸਾਨੀ ਪ੍ਰਦਾਨ ਕਰਦੇ ਹੋਏ, ਵਿਭਾਗ ਵੱਖ-ਵੱਖ ਸੇਵਾਵਾਂ ਜਿਵੇਂ ਕਿ ਈ-ਸੀ.ਐੱਲ.ਯੂ, ਈ-ਲਾਇਸੈਂਸਿੰਗ ਆਦਿ ਆੱਨਲਾਈਨ ਪ੍ਰਦਾਨ ਕਰਕੇ ਹਿੱਸੇਦਾਰਾਂ ਨੂੰ ਸਹੂਲਤ ਦੇ ਰਿਹਾ ਹੈ। ਇਸ ਤੋਂ ਇਲਾਵਾ, ਨਾਗਰਿਕਾਂ ਦੀ ਸਹੂਲਤ ਲਈ, ਸੇਵਾ ਦੇ ਅਧਿਕਾਰ ਐਕਟ ਤਹਿਤ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਆੱਨਲਾਈਨ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਵਿਭਾਗ ਉਦਯੋਗਿਕ ਅਤੇ ਰਿਹਾਇਸ਼ੀ ਪਲਾਟਾਂ ਲਈ ਆਨਲਾਈਨ ਬਿਲਡਿੰਗ ਪਲਾਨ ਮਨਜ਼ੂਰੀ ਪ੍ਰਣਾਲੀ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਵਿੱਚ ਹੈ।

106. ਮੇਰੀ ਸਰਕਾਰ ਨੇ ਸਾਲ 2023 ਵਿੱਚ ਰਾਜ ਭਰ ਵਿੱਚ ਜਨਤਕ ਖਣਨ ਸਾਈਟਾਂ ਦੀ ਸਥਾਪਨਾ ਕਰਕੇ ਬੁਨਿਆਦੀ ਪੱਧਰ ਦੇ ਸੁਧਾਰਾਂ ਦੀ ਸ਼ੁਰੂਆਤ ਕੀਤੀ ਸੀ, ਜੋ ਕਿ ਪਿਛਲੀਆਂ ਨੀਤੀਆਂ ਦੇ ਮੁਕਾਬਲੇ ਇੱਕ ਕ੍ਰਾਂਤੀਕਾਰੀ ਤਬਦੀਲੀ ਸੀ ਅਤੇ ਸਥਾਨਕ ਰੁਜ਼ਗਾਰ ਨੂੰ ਹੁਲਾਰਾ ਦਿੰਦੇ ਹੋਏ ਸਸਤੀਆਂ ਦਰਾਂ 'ਤੇ ਰੇਤ ਮੁਹੱਈਆ ਕਰਵਾ ਕੇ ਖਣਨ ਖੇਤਰ ਨੂੰ ਲੋਕਾਂ

ਲਈ ਖੋਲ੍ਹਿਆ ਗਿਆ। ਇਸ ਸਾਲ ਵਿਭਾਗ ਮਾਈਨਿੰਗ ਸੈਕਟਰ ਨੂੰ ਹੋਰ ਉਦਾਰ ਬਣਾ ਕੇ ਅਗਲੇਰੇ ਪੱਧਰ ਦੇ ਸੁਧਾਰ ਲਿਆਵੇਗਾ, ਜਿਸ ਦੇ ਨਤੀਜੇ ਵਜੋਂ ਬਜ਼ਾਰ ਵਿੱਚ ਰੇਤ ਅਤੇ ਬੱਜਰੀ ਦੀ ਸਪਲਾਈ ਵਿੱਚ ਭਾਰੀ ਵਾਧਾ ਹੋਵੇਗਾ। ਇਸ ਨਾਲ ਆਮ ਲੋਕਾਂ ਲਈ ਰੇਤ ਅਤੇ ਬੱਜਰੀ ਦੀਆਂ ਕੀਮਤਾਂ ਵਿੱਚ ਹੋਰ ਕਮੀ ਆਵੇਗੀ।

107. ਮੇਰੀ ਸਰਕਾਰ ਜਾਇਜ਼ ਖਣਨ ਕਾਰਜਾਂ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਂਦੇ ਹੋਏ ਲੋਕਾਂ ਨੂੰ ਸਸਤੀਆਂ ਦਰਾਂ 'ਤੇ ਰੇਤਾ ਅਤੇ ਬੱਜਰੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਦੇ ਲਈ ਖਣਿਜ ਢੋਆ-ਢੁਆਈ ਵਾਲੇ ਵਾਹਨਾਂ ਵਿੱਚ ਜੀ.ਪੀ.ਐੱਸ. ਯੰਤਰ ਲਗਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ "ਪੀ.ਬੀ ਮਾਈਨਜ਼ ਇੰਸਪੈਕਸ਼ਨ ਐਪ" ਲਾਂਚ ਕੀਤੀ ਗਈ ਹੈ, ਜਿਸ ਰਾਹੀਂ ਗੈਰ-ਕਾਨੂੰਨੀ ਮਾਈਨਿੰਗ ਦੀ ਰੀਅਲ ਟਾਈਮ ਰਿਪੋਰਟਿੰਗ ਕੀਤੀ ਜਾ ਸਕੇਗੀ।

108. ਮੇਰੀ ਸਰਕਾਰ ਦੇਸ਼ ਦਾ ਪਹਿਲਾ ਰਾਜ ਹੈ ਜਿਸ ਨੇ ਐਗਰੋ-ਫੋਰੈਸਟਰੀ ਅਧਾਰਤ ਕਾਰਬਨ ਫਾਈਨੈਂਸਿੰਗ ਪ੍ਰੋਜੈਕਟ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ। ਇਸ ਪਹਿਲਕਦਮੀ ਤਹਿਤ ਰਾਜ ਨੇ 3,686 ਕਿਸਾਨਾਂ ਨੂੰ ਉਨ੍ਹਾਂ ਦੀਆਂ ਵਾਹੀਯੋਗ ਜ਼ਮੀਨਾਂ 'ਤੇ ਰੁੱਖ ਲਗਾਉਣ ਲਈ 45.67 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇ ਕੇ ਲਾਭ ਪਹੁੰਚਾਇਆ ਗਿਆ ਹੈ।

109. ਸਾਲ 2024-25 ਦੌਰਾਨ ਵੱਖ-ਵੱਖ ਸਕੀਮਾਂ ਤਹਿਤ 3 ਕਰੋੜ ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆ ਸੀ। ਹੁਣ ਤੱਕ, ਮੇਰੀ ਸਰਕਾਰ ਦੁਆਰਾ 2.92 ਕਰੋੜ ਬੂਟੇ ਲਗਾਏ ਜਾ ਚੁੱਕੇ ਹਨ, ਜੋ ਇਸ ਟੀਚੇ ਦੀ ਦਿਸ਼ਾ ਵੱਲ ਮਹੱਤਵਪੂਰਨ ਪ੍ਰਗਤੀ ਹੈ। ਪਹਿਲਾਂ ਤੋਂ ਹੀ ਚੱਲ

ਰਹੀ "ਪੰਜਾਬ ਹਰਿਆਵਲ ਲਹਿਰ" ਦੇ ਹਿੱਸੇ ਵਜੋਂ, ਮੇਰੀ ਸਰਕਾਰ ਨੇ ਟਿਊਬਵੈੱਲਾਂ ਦੇ ਆਲੇ-ਦੁਆਲੇ ਲਗਭਗ 28.99 ਲੱਖ ਬੂਟੇ ਲਗਾਉਣ ਅਤੇ 268 ਨਾਨਕ ਬਗੀਚੀਆਂ ਅਤੇ 46 ਪਵਿੱਤਰ ਵਣਾਂ ਦੀ ਸਿਰਜਣਾ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ, ਜਿਹੜੇ ਵਾਤਾਵਰਣ ਸਥਿਰਤਾ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

110. ਮੇਰੀ ਸਰਕਾਰ ਪੰਜਾਬ ਦੇ ਨਾਗਰਿਕਾਂ ਲਈ ਪ੍ਰਦੂਸ਼ਣ ਮੁਕਤ ਵਾਤਾਵਰਣ ਯਕੀਨੀ ਬਣਾਉਣ ਲਈ ਗੰਭੀਰ ਯਤਨ ਕਰ ਰਹੀ ਹੈ। ਵਾਤਾਵਰਣ ਸਬੰਧੀ ਮੁੱਦਿਆਂ ਨੂੰ ਸੰਪੂਰਨ ਅਤੇ ਸਮਾਂਬੱਧ ਤਰੀਕੇ ਨਾਲ ਹੱਲ ਕਰਨ ਲਈ ਰਾਜ ਵਾਤਾਵਰਣ ਯੋਜਨਾ ਅਤੇ ਜ਼ਿਲ੍ਹਾ ਵਾਤਾਵਰਣ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ ਅਤੇ ਯੋਜਨਾਵਾਂ ਦੀ ਪ੍ਰਗਤੀ ਦੀ ਨਿਯਮਤ ਤੌਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ। ਵਿਅਕਤੀਗਤ ਉਦਯੋਗਿਕ ਇਕਾਈਆਂ ਦੁਆਰਾ ਕੈਪਟਿਵ ਟ੍ਰੀਟਮੈਂਟ ਦੀ ਥਾਂ, ਹੁਣ ਦਰਿਆਵਾਂ ਦੇ ਪਾਣੀ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ ਟੈਕਸਟਾਈਲ-ਡਾਈਂਗ, ਇਲੈਕਟ੍ਰੋਪਲੇਟਿੰਗ ਅਤੇ ਫਾਰਮਾਸਿਊਟੀਕਲ ਇਕਾਈਆਂ ਵਰਗੇ ਪ੍ਰਦੂਸ਼ਿਤ ਉਦਯੋਗਾਂ ਲਈ ਆਮ ਗੰਦੇ ਪਾਣੀ ਦੇ ਟਰੀਟਮੈਂਟ ਪਲਾਂਟਾਂ ਵੱਲ ਵਧੇਰੇ ਧਿਆਨ ਦਿੱਤਾ ਜਾ ਰਿਹਾ ਹੈ। ਇਸੇ ਤਰ੍ਹਾਂ, ਖੇਤਾਂ ਵਿੱਚੋਂ ਚੁੱਕ ਕੇ ਝੋਨੇ ਦੀ ਪਰਾਲੀ ਦੀ ਵਰਤੋਂ ਨੂੰ ਵਧਾਉਣ ਲਈ, ਉੱਦਮੀਆਂ ਅਤੇ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਕਿ ਉਹ ਬਾਇਓ-ਮਾਸ ਪਾਵਰ ਪਲਾਂਟਾਂ, ਕੰਪਰੈੱਸਡ ਬਾਇਓ ਗੈਸ ਪਲਾਂਟਾਂ, ਬਾਇਓ-ਈਥਾਨੌਲ ਪਲਾਂਟਾਂ ਅਤੇ ਉਦਯੋਗਿਕ ਬਾਇਲਰਾਂ ਵਿੱਚ ਝੋਨੇ ਦੀ ਪਰਾਲੀ ਦੀ ਵਰਤੋਂ ਕਰਨ। ਵੱਖ-ਵੱਖ ਜਲਵਾਯੂ ਪਰਿਵਰਤਨ ਨੂੰ ਘਟਾਉਣ ਅਤੇ ਅਨੁਕੂਲਿਤ ਉਪਾਵਾਂ ਰਾਹੀਂ 2050 ਤੱਕ ਨੈੱਟ ਜ਼ੀਰੋ ਕਾਰਬਨ ਐਮਿਸ਼ਨ ਹਾਸਲ ਕਰਨ ਲਈ ਡਿਪਟੀ ਬ੍ਰਿਟਿਸ਼ ਹਾਈ ਕਮਿਸ਼ਨ, ਚੰਡੀਗੜ੍ਹ ਦੇ ਸਹਿਯੋਗ ਨਾਲ ਰਾਜ ਦਾ ਨੈੱਟ ਜ਼ੀਰੋ ਵਿਜ਼ਨ ਦਸਤਾਵੇਜ਼

ਵੀ ਤਿਆਰ ਕੀਤਾ ਜਾ ਰਿਹਾ ਹੈ। ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਨੂੰ ਅਪਗ੍ਰੇਡ ਕਰਨ ਲਈ 26.90 ਕਰੋੜ ਰੁਪਏ ਦੇ ਬਜਟ ਨਾਲ ਗਣਿਤ ਅਤੇ ਬਿਜਲੀ ਬਾਰੇ ਵਿਲੱਖਣ ਗੈਲਰੀਆਂ ਸਥਾਪਿਤ ਕਰ ਕੇ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ (ਐੱਸ.ਟੀ.ਈ.ਐੱਮ) ਦੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਇੱਕ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ।

111. ਮੇਰੀ ਸਰਕਾਰ ਨੇ ਚਾਲੂ ਵਿੱਤੀ ਸਾਲ ਦੌਰਾਨ ਆਬਕਾਰੀ ਅਤੇ ਟੈਕਸਾਂ ਦੇ ਮਾਲੀਏ ਦੀ ਵਸੂਲੀ ਵਿੱਚ ਚੰਗਾ ਵਾਧਾ ਦੇਖਿਆ ਹੈ। ਵਿੱਤੀ ਸਾਲ 2024-25 ਵਿੱਚ ਫਰਵਰੀ 2025 ਤੱਕ ਜੀ.ਐੱਸ.ਟੀ. ਸੰਗ੍ਰਹਿ 22771.11 ਕਰੋੜ ਰੁਪਏ ਤੱਕ ਪਹੁੰਚ ਗਿਆ। ਇਹ ਪਿਛਲੇ ਸਾਲ ਨਾਲੋਂ 12.51% ਦਾ ਵਾਧਾ ਦਰਸਾਉਂਦਾ ਹੈ ਅਤੇ ਵੈਟ ਮਾਲੀਆ 5.74% ਵਧ ਕੇ 7113.51 ਕਰੋੜ ਰੁਪਏ ਹੋ ਗਿਆ ਹੈ। ਕੁੱਲ ਮਿਲਾ ਕੇ ਪੀ.ਐੱਸ.ਡੀ.ਟੀ ਕੁਲੈਕਸ਼ਨ ਸਮੇਤ ਕੁੱਲ ਮਾਲੀਆ 30056.2 ਕਰੋੜ ਰੁਪਏ ਰਿਹਾ, ਜੋ ਪਿਛਲੇ ਸਾਲ ਦੇ ਮੁਕਾਬਲੇ 10.85% ਦਾ ਵਾਧਾ ਦਰਸਾਉਂਦਾ ਹੈ। ਫਰਵਰੀ 2025 ਤੱਕ, ਆਬਕਾਰੀ ਵਿਭਾਗ ਨੇ 9266.68 ਕਰੋੜ ਰੁਪਏ ਦਾ ਮਾਲੀਆ ਇਕੱਠਾ ਕੀਤਾ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ 14.37% ਦਾ ਵਾਧਾ ਦਰਸਾਉਂਦਾ ਹੈ।

112. ਮੇਰੀ ਸਰਕਾਰ ਨੇ ਆਈ.ਆਈ.ਟੀ ਹੈਦਰਾਬਾਦ ਦੇ ਸਹਿਯੋਗ ਨਾਲ ਰਾਜ ਵਿੱਚ ਟੈਕਸ ਪ੍ਰਸ਼ਾਸਨ ਨੂੰ ਸਵੈਚਾਲਤ ਕਰਨ ਅਤੇ ਜੀ.ਐੱਸ.ਟੀ ਅਮਲ ਨੂੰ ਵਧਾਉਣ ਲਈ ਉੱਨਤ ਡੇਟਾ ਵਿਸ਼ਲੇਸ਼ਣ ਟੂਲ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ। ਆਈ.ਆਈ.ਟੀ. ਹੈਦਰਾਬਾਦ ਦੁਆਰਾ ਵਿਕਸਤ ਕੀਤੇ ਮਾਡਿਊਲ ਦੀ ਸ਼ੁਰੂਆਤ ਨੇ ਸੰਚਾਲਨ ਕੁਸ਼ਲਤਾ ਵਿੱਚ

ਮਹੱਤਵਪੂਰਨ ਸੁਧਾਰ ਕੀਤਾ ਹੈ ਅਤੇ ਟੈਕਸ ਉਗਰਾਹੀ ਅਤੇ ਪਾਲਣਾ ਵਿੱਚ ਸਕਾਰਾਤਮਕ ਨਤੀਜੇ ਪ੍ਰਾਪਤ ਕੀਤੇ ਹਨ।

113. ਕਰ ਚੋਰੀ ਨੂੰ ਰੋਕਣ ਅਤੇ ਕਰ ਨਿਯਮਾਂ ਦੀ ਪਾਲਣਾ ਨੂੰ ਵਧਾਉਣ ਲਈ ਸਟੇਟ ਇੰਟੈਲੀਜੈਂਸ ਅਤੇ ਪ੍ਰੀਵੈਂਟਿਵ ਯੂਨਿਟਸ ਅਤੇ ਟੈਕਸ ਇੰਟੈਲੀਜੈਂਸ ਯੂਨਿਟ ਦੇ ਯਤਨ ਮਹੱਤਵਪੂਰਨ ਹਨ। ਮਨੁੱਖੀ ਅਤੇ ਮਸ਼ੀਨੀ ਦੋਵਾਂ ਤਰ੍ਹਾਂ ਦੀ ਬੁੱਧੀਮਤਾ ਦਾ ਲਾਭ ਉਠਾ ਕੇ, ਇਹਨਾਂ ਇਕਾਈਆਂ ਨੇ ਕਰ ਪ੍ਰਣਾਲੀ ਵਿਚਲੀਆਂ ਖਾਮੀਆਂ ਦੀ ਸਫਲਤਾਪੂਰਵਕ ਪਛਾਣ ਕੀਤੀ ਹੈ। ਨਤੀਜੇ ਵਜੋਂ, ਐੱਸ.ਆਈ.ਪੀ.ਯੂ. ਨੇ 143.38 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਹੈ, ਜਿਸ ਵਿੱਚੋਂ 139 ਕਰੋੜ ਰੁਪਏ ਦੀ ਵਸੂਲੀ ਕੀਤੀ ਗਈ ਹੈ।

114. "ਬਿਲ ਲਿਆਓ ਇਨਾਮ ਪਾਓ" ਸਕੀਮ ਨੂੰ ਅੱਗੇ ਵਧਾਇਆ ਗਿਆ ਹੈ। ਇਹ ਸਕੀਮ ਟੈਕਸ ਦੀ ਪਾਲਣਾ ਨੂੰ ਵਧਾਉਣ ਲਈ ਡੀਲਰਾਂ ਤੋਂ ਬਿੱਲ ਪ੍ਰਾਪਤ ਕਰਨ ਲਈ ਖਪਤਕਾਰਾਂ ਨੂੰ ਉਤਸ਼ਾਹਿਤ ਕਰਨ ਲਈ ਚੁੱਕਿਆ ਗਿਆ ਅਹਿਮ ਕਦਮ ਹੈ। ਇਸ ਪਹਿਲਕਦਮੀ ਦੇ ਨਤੀਜੇ ਵਜੋਂ, ਵਿਭਾਗ ਨੇ ਪਾਲਣਾ ਨਾ ਕਰਨ ਵਾਲੇ ਟੈਕਸਦਾਤਾਵਾਂ 'ਤੇ 2.87 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਹੈ, ਅਤੇ ਸਾਲ ਵਿੱਚ 83.19 ਲੱਖ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ ਹੈ।

115. ਮੇਰੀ ਸਰਕਾਰ ਨੇ ਪੁਰਾਣੇ ਟੈਕਸ ਮੁੱਦਿਆਂ ਨਾਲ ਜੁੜੀਆਂ ਪੇਚੀਦਗੀਆਂ ਨੂੰ ਦੂਰ ਕਰਨ ਅਤੇ ਘਟਾਉਣ ਲਈ ਯਕਮੁਸ਼ਤ ਨਿਪਟਾਰਾ ਸਕੀਮ ਨੂੰ 16.08.2024 ਤੱਕ ਵਧਾ ਦਿੱਤਾ ਹੈ। ਇਸ ਪਹਿਲਕਦਮੀ ਨਾਲ 70,311 ਡੀਲਰਾਂ ਨੂੰ ਇਸ ਪ੍ਰੋਗਰਾਮ ਤੋਂ ਸਫਲਤਾਪੂਰਵਕ

ਲਾਭ ਮਿਲਿਆ ਹੈ ਜਿਸ ਦੇ ਨਤੀਜੇ ਵਜੋਂ ਇਹਨਾਂ ਟੈਕਸ ਭਰਨ ਵਾਲਿਆਂ ਨੂੰ 867.28 ਕਰੋੜ ਰੁਪਏ ਦੀ ਛੋਟ ਮਿਲੀ ਹੈ। ਇਸ ਤੋਂ ਇਲਾਵਾ, ਵਿਭਾਗ ਨੇ 164.35 ਕਰੋੜ ਰੁਪਏ ਦੇ ਪੁਰਾਣੇ ਬਕਾਏ ਸਫਲਤਾਪੂਰਵਕ ਵਸੂਲ ਕਰ ਲਏ ਹਨ, ਜੋ ਲੰਬੇ ਸਮੇਂ ਤੋਂ ਲਟਕ ਰਹੀਆਂ ਟੈਕਸ ਦੇਣਦਾਰੀਆਂ ਨੂੰ ਹੱਲ ਕਰਨ ਵਿੱਚ ਪ੍ਰੋਗਰਾਮ ਦੀ ਪ੍ਰਭਾਵਸ਼ੀਲਤਾ ਦਾ ਪ੍ਰਤੀਕ ਹੈ।

116. ਮੇਰੀ ਸਰਕਾਰ ਐੱਨ.ਆਰ.ਆਈ ਭਾਈਚਾਰੇ ਨੂੰ ਉਨ੍ਹਾਂ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੀ ਹੈ। ਐੱਨ.ਆਰ.ਆਈ ਆਪਣੇ ਦੁਆਰਾ ਚਲਾਏ ਕਿਸੇ ਵੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਵਿੱਚ 50% ਯੋਗਦਾਨ ਪਾ ਸਕਦੇ ਹਨ, ਜਦੋਂ ਕਿ ਬਾਕੀ 50% ਰਾਜ ਦੁਆਰਾ ਪ੍ਰਦਾਨ ਕੀਤਾ ਜਾਂਦਾ ਹੈ। ਚਾਰ ਜ਼ਿਲ੍ਹਿਆਂ ਜਲੰਧਰ, ਲੁਧਿਆਣਾ, ਐੱਸ.ਬੀ.ਐੱਸ.ਨਗਰ, ਹੁਸ਼ਿਆਰਪੁਰ ਵਿੱਚ 10 ਪ੍ਰੋਜੈਕਟ ਚੱਲ ਰਹੇ ਹਨ ਅਤੇ ਆਉਣ ਵਾਲੇ ਸਾਲਾਂ ਵਿੱਚ ਐੱਨ.ਆਰ.ਆਈ ਭਰਾਵਾਂ ਨੂੰ ਨਵੇਂ ਪ੍ਰੋਜੈਕਟਾਂ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

117. ਸਤਿਕਾਰਯੋਗ ਮੈਂਬਰ ਸਾਹਿਬਾਨ, ਇਹ ਅਜ਼ੀਮ ਸਦਨ ਸਾਡੀ ਧਰਮ ਨਿਰਪੱਖ ਲੋਕਤੰਤਰੀ ਰਾਜਨੀਤੀ ਦਾ ਸੱਚਾ ਪ੍ਰਤੀਬਿੰਬ ਹੈ। ਤੁਸੀਂ ਸਾਡੇ ਸੰਵਿਧਾਨ ਵਿੱਚ ਦਰਜ ਇਨ੍ਹਾਂ ਕਦਰਾਂ-ਕੀਮਤਾਂ ਨੂੰ ਹਮੇਸ਼ਾ ਬਰਕਰਾਰ ਰੱਖਿਆ ਹੈ। ਵੱਖ-ਵੱਖ ਰਾਜਨੀਤਿਕ ਮਾਨਤਾਵਾਂ ਦੇ ਬਾਵਜੂਦ, ਇਸ ਸਦਨ ਦਾ ਕੋਈ ਵੀ ਮੈਂਬਰ ਕਦੇ ਵੀ ਆਪਣੇ ਸੰਵਿਧਾਨਕ ਫਰਜ਼ਾਂ ਅਤੇ ਜ਼ਿੰਮੇਵਾਰੀਆਂ ਤੋਂ ਮੁਨਕਰ ਨਹੀਂ ਹੋਇਆ ਅਤੇ ਇਸ ਲਈ ਮੈਂ ਸਾਰੇ ਮਾਣਯੋਗ ਮੈਂਬਰਾਂ ਦੀ ਪ੍ਰਸੰਸਾ ਕਰਨਾ ਚਾਹੁੰਦਾ ਹਾਂ। ਮੇਰੀ ਸਰਕਾਰ ਦੀਆਂ ਪ੍ਰਾਪਤੀਆਂ ਪੰਜਾਬ ਦੇ ਲੋਕਾਂ ਪ੍ਰਤੀ ਇਸ ਦੀ ਵਚਨਬੱਧਤਾ ਨੂੰ ਪੂਰੀ ਤਰ੍ਹਾਂ ਦਰਸਾਉਂਦੀਆਂ ਹਨ। ਮੇਰੀ ਸਰਕਾਰ ਨੇ ਆਪਸੀ ਸੁਹਿਰਦ

ਸਹਿਯੋਗ ਨਾਲ ਕੰਮ ਕਰਦੇ ਹੋਏ ਅਤੇ ਸਾਰਿਆਂ ਲਈ ਨਿਆਂ ਪ੍ਰਾਪਤ ਕਰਨ ਅਤੇ ਗਿਆਨਵਾਨ ਸਮਾਜ ਦੀ ਸਥਾਪਨਾ ਕਰ ਕੇ, ਪੰਜਾਬ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਵਿੱਚ ਵਿਸ਼ਵਾਸ ਰੱਖਦੀ ਹੈ, ਜੋ ਸਾਰਿਆਂ ਲਈ ਰੋਲ ਮਾਡਲ ਸਾਬਤ ਹੋਵੇਗਾ।

118. ਮੈਂ ਉਮੀਦ ਕਰਦਾ ਹਾਂ ਕਿ ਤੁਹਾਡੀ ਚਰਚਾ ਸਕਾਰਾਤਮਕ ਰਹੇਗੀ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਅਸੀਂ ਸਾਰੇ 'ਖੁਸ਼ਹਾਲ ਪੰਜਾਬ' ਦੀ ਪੁਨਰ-ਸਥਾਪਨਾ ਵੱਲ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਵਧਾਂਗੇ।

**ਜੈ ਹਿੰਦ**